ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 17 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

‘ਆਪ’ ਆਗੂ ’ਤੇ ਸ਼ਰੇਆਮ ਫ਼ਾਇਰਿੰਗ, ਸੀਸੀਟੀਵੀ ’ਚ ਕੈਦ ਹੋਇਆ ਪੂਰਾ ਮੰਜ਼ਰ

ਪਟਿਆਲਾ, 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪਟਿਆਲਾ ਦੇ ਸਫ਼ਾਵਾਦੀ ਗੇਟ ਵਿਖੇ ਆਮ ਆਦਮੀ ਪਾਰਟੀ



ਆਗੂ ਸੁਖਵਿੰਦਰ ਸਿੰਘ ਗਾਗੂ ’ਤੇ ਫ਼ਾਇਰਿੰਗ ਹੋ ਗਈ। ਇਸ ਦੇ ਜਵਾਬ ਵਿਚ ਸੁਖਵਿੰਦਰ ਸਿੰਘ ਨੇ ਵੀ ਆਪਣੇ ਲਾਇਸੰਸੀ ਪਿਸਟਲ ਨਾਲ ਆਪਣੇ ਬਚਾਅ ਵਿਚ ਫਾਇਰਿੰਗ ਕੀਤੀ। ਹਮਲੇ ਮਗਰੋਂ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸੁਖਵਿੰਦਰ ਸਿੰਘ ਗਾਗੂ ਨੇ ਦੱਸਿਆ ਕਿ ਉਸ ਨੂੰ ਦਸੰਬਰ 2025 ਤੋਂ ਫ਼ਿਰੌਤੀ ਲਈ ਕਾਲਾਂ ਆ ਰਹੀਆਂ ਹਨ। ਪਹਿਲਾਂ 25 ਲੱਖ ਰੁਪਏ ਮੰਗਿਆ ਜਾ ਰਿਹਾ ਸੀ, ਇਸ ਤੋਂ ਬਾਅਦ ਇਹ ਫ਼ਿਰੌਤੀ 50 ਲੱਖ ਦੀ ਕਰ ਦਿੱਤੀ ਗਈ ਤੇ ਹੁਣ 1 ਕਰੋੜ ਰੁਪਏ ਮੰਗੇ ਜਾ ਰਹੇ ਸਨ। ਸੁਖਵਿੰਦਰ ਨੇ ਕਿਹਾ ਕਿ ਜੇਕਰ ਉਨ੍ਹਾਂ ਕੋਲ ਲਾਇਸੰਸ ਵਾਲਾ ਅਸਲਾ ਨਾ ਹੁੰਦਾ ਤਾਂ ਅੱਜ ਉਨ੍ਹਾਂ ਦੀਆਂ ਇੱਥੇ ਲਾਸ਼ਾਂ ਵਿਛੀਆਂ ਹੋਣੀਆਂ ਸਨ। ਇਸ ਸਬੰਧੀ ਥਾਣਾ ਕਤਵਾਲੀ ਦੇ ਐੱਸ. ਐੱਚ. ਓ. ਇੰਸਪੈਕਟਰ ਅਮਨਪਾਲ ਸਿੰਘ ਵਿਰਕ ਨੇ ਕਿਹਾ ਕਿ ਉਨ੍ਹਾਂ ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਵੱਲੋਂ ਜਲਦੀ ਹੀ ਫਾਇਰਿੰਗ ਕਰਨ ਵਾਲਿਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਮਾਮਲੇ ਦੀ ਡੂੰਘਾਈ ਨਾਲ ਜਾਂਚ ਚੱਲ ਰਹੀ ਹੈ।

1984 ਸਿੱਖ ਕਤਲੇਆਮ ਦਾ ਜ਼ਿਕਰ ਕਰਦਿਆਂ

ਅਮਿਤਾਭ ਦੇ ਅਭਿਸ਼ੇਕ ਨੂੰ ਜਾਨੋਂ ਮਾਰਨ ਦੀ ਧਮਕੀ

ਮੁੰਬਈ, 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਵਿਦੇਸ਼ ’ਚ ਬੈਠੇ ਖ਼ਤਰਨਾਕ ਗੈਂਗਸਟਰ ਗੋਲਡੀ ਢਿੱਲੋਂ ਵੱਲੋਂ ਸੋਸ਼ਲ ਮੀਡੀਆ ’ਤੇ ਇੱਕ ਪੋਸਟ ਤੇ ਆਡੀਓ ਸੰਦੇਸ਼ ਜਾਰੀ ਕਰਕੇ ਬਾਲੀਵੁੱਡ ਦੇ ਮਹਾਨਾਇਕ ਅਮਿਤਾਭ ਬੱਚਨ ਅਤੇ ਉਨ੍ਹਾਂ ਦੇ



ਬੇਟੇ ਅਭਿਸ਼ੇਕ ਬੱਚਨ ਨੂੰ ਜਾਨੋਂ ਮਾਰਨ ਦੀ ਖੁੱਲ੍ਹੀ ਧਮਕੀ ਦਿੱਤੀ ਗਈ ਹੈ। ਗੈਂਗਸਟਰ ਨੇ ਦਾਅਵਾ ਕੀਤਾ ਹੈ ਕਿ ਚਾਹੇ ਉਹ ਜਿੰਨੇ ਵੀ ਬੁਲੇਟਪਰੂਫ਼ ਕੇਬਿਨ ਬਣਵਾ ਲੈਣ, “ਪਿਓ-ਪੁੱਤ ਦੋਵਾਂ ਨੂੰ ਮਾਰਿਆ ਜਾਵੇਗਾ, ਬੁਲੇਟਪ੍ਰੂਫ਼ ਦੇ ਅੰਦਰ ਹੀ ਮਾਰਿਆ ਜਾਵੇਗਾ।” ਇਹ ਧਮਕੀ ਦਿੱਲੀ ਪੁਲਸ ਦੀ ਸਪੈਸ਼ਲ ਸੈੱਲ ਵੱਲੋਂ ਮੁੰਬਈ ਵਿੱਚ ਗੋਲਡੀ ਢਿੱਲੋਂ ਦੇ ਦੋ ਮੁੱਖ ਸਾਥੀਆਂ, ਵਿਕਾਸ ਠਾਕੁਰ ਅਤੇ ਦੀਪਕ ਸਿੰਘ ਨੂੰ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਸਾਹਮਣੇ ਆਈ ਹੈ। ਜਾਰੀ ਆਡੀਓ ਵਿੱਚ ਗੋਲਡੀ ਢਿੱਲੋਂ ਨੇ ਸਪੱਸ਼ਟ ਕੀਤਾ ਕਿ ਗ੍ਰਿਫ਼ਤਾਰ ਕੀਤੇ ਗਏ ਉਨ੍ਹਾਂ ਦੇ ਇਨ੍ਹਾਂ ਸਾਥੀਆਂ ਨੂੰ ਕਿਸੇ ਹੋਰ ਗੈਂਗ ਨਾਲ ਨਾ ਜੋੜਿਆ ਜਾਵੇ। ਗੋਲਡੀ ਢਿੱਲੋਂ ਨੇ ਦਾਅਵਾ ਕੀਤਾ ਕਿ ਦੋ ਸਾਥੀਆਂ ਦੇ ਫੜੇ ਜਾਣ ਨਾਲ ਉਸ ਦੇ ਗੈਂਗ ਦੀਆਂ ਗਤੀਵਿਧੀਆਂ ਜਾਂ ਆਉਣ ਵਾਲੀਆਂ ਵਾਰਦਾਤਾਂ ’ਤੇ ਕੋਈ ਫ਼ਰਕ ਨਹੀਂ ਪਵੇਗਾ। ਉਸ ਨੇ ਚੁਣੌਤੀ ਦਿੰਦਿਆਂ ਕਿਹਾ ਕਿ ਮੁੰਬਈ ਵਿੱਚ ਉਸ ਦੇ 200 ਹੋਰ ਸਾਥੀ ਪੂਰੀ ਤਰ੍ਹਾਂ ਤਿਆਰ ਬੈਠੇ ਹਨ। ਆਡੀਓ ਸੰਦੇਸ਼ ਵਿੱਚ 1984 ਦੇ ਸਿੱਖ ਕਤਲੇਆਮ ਦਾ ਜ਼ਿਕਰ ਕਰਦੇ ਹੋਏ ਗੈਂਗਸਟਰ ਨੇ ਕਿਹਾ ਕਿ ਉਨ੍ਹਾਂ ਘਟਨਾਵਾਂ ਦੇ ਦੋਸ਼ੀਆਂ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾਵੇਗਾ। ਉਸ ਨੇ ਧਮਕੀ ਦਿੱਤੀ ਕਿ ਦੋਸ਼ੀ ਚਾਹੇ ਕਿਸੇ ਵੀ ਦੇਸ਼ ਵਿੱਚ ਹੋਣ, ਉਨ੍ਹਾਂ ਤੋਂ ਹਿਸਾਬ ਲਿਆ ਜਾਵੇਗਾ। ਉਸ ਨੇ ਇਹ ਵੀ ਕਿਹਾ ਕਿ ਸਿੱਖ ਕੌਮ ਦੇ ਖ਼ਿਲਾਫ਼ ਬੋਲਣ ਵਾਲਾ ਹਰ ਵਿਅਕਤੀ ਉਨ੍ਹਾਂ ਦਾ ਦੁਸ਼ਮਣ ਹੈ। ਇਸ ਦੇ ਨਾਲ ਹੀ ਮੁੰਬਈ ਵਿੱਚ ਅਮਿਤਾਭ ਬੱਚਨ ਦੇ ਬੰਗਲੇ ’ਜਲਸਾ’ ਸਮੇਤ ਕਈ ਹੋਰ ਪ੍ਰਮੁੱਖ ਥਾਵਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀ ਭਰੀਆਂ ਈਮੇਲਾਂ ਆਉਣ ਦੀਆਂ ਖ਼ਬਰਾਂ ਵੀ ਹਨ। ਮੀਡੀਆ ਰਿਪੋਰਟਾਂ ਮੁਤਾਬਕ ਸੋਸ਼ਲ ਮੀਡੀਆ ਪੋਸਟ ਅਤੇ ਆਡੀਓ ਵਿੱਚ ਕੀਤੇ ਗਏ ਦਾਅਵਿਆਂ ਦੀ ਸੁਤੰਤਰ ਤੌਰ ’ਤੇ ਪੁਸ਼ਟੀ ਨਹੀਂ ਹੋ ਸਕੀ ਹੈ।

ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਦਾ ਮਾਮਲਾ; ਪੰਜਾਬ ਸਰਕਾਰ ਨੂੰ ਨੋਟਿਸ ਜਾਰੀ



ਅੰਮ੍ਰਿਤਸਰ, 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਖਡੂਰ ਸਾਹਿਬ ਤੋਂ ਸਾਂਸਦ ਅਤੇ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਨੂੰ ਲੈ ਕੇ ਅਜੇ ਵੀ ਸਸਪੈਂਸ ਬਣਿਆ ਹੋਇਆ ਹੈ। ਪਰਿਵਾਰ ਵੱਲੋਂ ਅੱਜ (ਸੋਮਵਾਰ) ਨੂੰ ਮੁੜ ਅੰਮ੍ਰਿਤਸਰ ਜ਼ਿਲ੍ਹਾ ਅਦਾਲਤ ’ਚ ਅਰਜ਼ੀ ਲਾ ਕੇ ਤਿੰਨ ਦਿਨਾਂ ਦੀ ਪੈਰੋਲ ਮੰਗੀ ਗਈ ਹੈ। ਦੱਸ ਦਈਏ ਕਿ ਪਹਿਲਾਂ ਸਾਂਸਦ ਨੂੰ ਅਦਾਲਤ ਵੱਲੋਂ ਆਪਣੀ ਦਾਦੀ ਦੇ ਅੰਤਿਮ ਸਸਕਾਰ ’ਚ ਸ਼ਾਮਲ ਹੋਣ ਲਈ ਇੱਕ ਦਿਨ ਦੀ ਪੈਰੋਲ ਦਿੱਤੀ ਗਈ ਸੀ, ਪਰੰਤੂ ਉਹ ਅੰਤਿਮ ਰਸਮਾਂ ’ਚ ਸ਼ਾਮਲ ਨਹੀਂ ਹੋ ਸਕਿਆ ਸੀ। ਅੰਮ੍ਰਿਤਪਾਲ ਸਿੰਘ ਦੀ ਪੈਰੋਲ ਨੂੰ ਲੈ ਕੇ ਪਰਿਵਾਰ ਦੀ ਅਰਜ਼ੀ ਬਾਰੇ ਜਾਣਕਾਰੀ ਦਿੰਦਿਆਂ ਵਕੀਲ ਕਰਮਵੀਰ ਸਿੰਘ ਪੰਨੂ ਨੇ ਦੱਸਿਆ ਕਿ ਸਾਂਸਦ ਦੇ ਆਪਣੀ ਦਾਦੀ ਚਰਨ ਕੌਰ ਦੀਆਂ ਅੰਤਿਮ ਰਸਮਾਂ ’ਚ ਸ਼ਾਮਿਲ ਹੋਣ ਲਈ 21-22-23 ਨਵੰਬਰ 3 ਦਿਨਾਂ ਦੀ ਪੈਰੋਲ ਦੀ ਮੰਗ ਰੱਖੀ ਗਈ ਹੈ। ਇਸ ਅਰਜ਼ੀ ਦੇ ਸਬੰਧ ’ਚ ਅਦਾਲਤ ਵੱਲੋਂ ਸੂਬਾ ਸਰਕਾਰ ਨੂੰ ਕੱਲ 17 ਨਵੰਬਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਦਾਇਰ ਕਰਨ ਦੇ ਆਦੇਸ਼ ਦਿੱਤੇ ਹਨ। ਵਕੀਲ ਨੇ ਕਿਹਾ ਕਿ ਇਸ ਤੋਂ ਪਹਿਲਾਂ 13 ਤਰੀਕ ਨੂੰ ਭਾਈ ਅੰਮ੍ਰਿਤਪਾਲ ਸਿੰਘ ਨੂੰ ਰਾਹਤ ਮਿਲੀ ਸੀ, ਪਰ ਘੱਟ ਸਮਾਂ ਹੋਣ ਕਾਰਨ ਜੇਲ੍ਹ ਅਥਾਰਟੀ ਨੇ ਅਦਾਲਤੀ ਹੁਕਮਾਂ ਦੀ ਪਾਲਣਾ ਕਰਨ ਵਿੱਚ ਅਸਮਰੱਥਾ ਜਤਾਈ ਸੀ। ਇਸ ਕਾਰਨ ਭਾਈ ਸਰਕਾਰ ਦੀ ਨਾਲਾਇਕੀ ਕਾਰਨ ਅੰਮ੍ਰਿਤਪਾਲ ਸਿੰਘ ਆਪਣੀ ਦਾਦੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਨਹੀਂ ਹੋ ਸਕੇ। ਵਕੀਲ ਨੇ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਦੇਰੀ ਕਰਨ ਦੀ ਰਣਨੀਤੀ ਅਪਣਾਈ ਗਈ ਅਤੇ ਅਦਾਲਤ ਦੇ ਹੁਕਮਾਂ ਦੀ ਪੂਰੀ ਤਰ੍ਹਾਂ ਪਾਲਣਾ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਅੰਤਿਮ ਰਸਮਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੀ ਸ਼ਮੂਲੀਅਤ ਦਾ ਹੱਕ ਮਿਲਣਾ ਚਾਹੀਦਾ ਸੀ।

ਬਿਲਕਿਸ ਬਾਨੋ ਬਲਾਤਕਾਰ ਮਾਮਲੇ ’ਚ ਸੁਪਰੀਮ ਕੋਰਟ ਨੇ ਦੋ ਦੋਸ਼ੀਆਂ ਦੀ ਉਮਰਕੈਦ ਕੀਤੀ ਮੁਅੱਤਲ, ਜ਼ਮਾਨਤ ਦਿੱਤੀ



ਨਵੀਂ ਦਿੱਲੀ, 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਬਿਲਕੀਸ ਬਾਨੋ ਸਮੂਹਿਕ ਬਲਾਤਕਾਰ ਅਤੇ ਕਤਲ ਮਾਮਲੇ ਵਿੱਚ ਦੋ ਦੋਸ਼ੀਆਂ ਦੀ ਉਮਰ ਕੈਦ ਦੀ ਸਜ਼ਾ ਮੁਅੱਤਲ ਕਰ ਦਿੱਤੀ ਗਈ ਹੈ। ਸੁਪਰੀਮ ਕੋਰਟ ਨੇ ਦੋਵਾਂ ਦੋਸ਼ੀਆਂ ਨੂੰ ਜ਼ਮਾਨਤ ਦੇ ਦਿੱਤੀ, ਉਨ੍ਹਾਂ ਦੇ 17 ਸਾਲ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਬਿਤਾਉਣ ਅਤੇ ਇੱਕ ਦੋਸ਼ੀ ਦੀ ਗੰਭੀਰ ਅਪੰਗਤਾ ਨੂੰ ਰਾਹਤ ਦੇ ਆਧਾਰ ਵਜੋਂ ਦਰਸਾਇਆ। ਜਸਟਿਸ ਐਮਐਮ ਸੁੰਦਰੇਸ਼ ਅਤੇ ਪ੍ਰਸੰਨਾ ਬੀ ਵਰਲੇ ਦੇ ਬੈਂਚ ਨੇ 28 ਅਕਤੂਬਰ ਨੂੰ ਇਹ ਹੁਕਮ ਸੁਣਾਇਆ। ਸੁਪਰੀਮ ਕੋਰਟ ਨੇ ਦੋਵਾਂ ਦੋਸ਼ੀਆਂ ਦੀ ਉਮਰ ਕੈਦ ਦੀ ਸਜ਼ਾ ਨੂੰ ਮੁਅੱਤਲ ਕਰ ਦਿੱਤਾ ਹੈ ਅਤੇ ਉਨ੍ਹਾਂ ਨੂੰ ਜ਼ਮਾਨਤ ਦੇ ਦਿੱਤੀ ਹੈ। ਇਹ ਧਿਆਨ ਦੇਣ ਯੋਗ ਹੈ ਕਿ ਦੋਵੇਂ ਦੋਸ਼ੀ 17 ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਹਨ। ਅਦਾਲਤ ਨੇ ਇਸ ਤੱਥ ’ਤੇ ਵੀ ਵਿਚਾਰ ਕੀਤਾ ਕਿ ਦੋਸ਼ੀਆਂ ਵਿੱਚੋਂ ਇੱਕ ਗੰਭੀਰ ਰੂਪ ਵਿੱਚ ਅਪਾਹਜ ਹੈ। ਸੁਪਰੀਮ ਕੋਰਟ ਵਿੱਚ ਸੁਣਵਾਈ ਦੌਰਾਨ, ਬਚਾਅ ਪੱਖ ਨੇ ਦਲੀਲ ਦਿੱਤੀ ਕਿ ਇੱਕ ਦੋਸ਼ੀ ਦਾ ਨਾਮ ਐਫਆਈਆਰ ਵਿੱਚ ਨਹੀਂ ਸੀ ਅਤੇ ਘਟਨਾ ਤੋਂ ਲਗਭਗ ਤਿੰਨ ਸਾਲ ਬਾਅਦ ਉਸ ’ਤੇ ਦੋਸ਼ ਲਗਾਇਆ ਗਿਆ ਸੀ। ਗੁਜਰਾਤ ਸਰਕਾਰ ਨੇ ਜ਼ਮਾਨਤ ਪਟੀਸ਼ਨ ਦਾ ਵਿਰੋਧ ਕੀਤਾ। ਸੁਪਰੀਮ ਕੋਰਟ ਨੇ ਕਿਹਾ ਕਿ ਅਪੀਲ ਤੱਥਾਂ ਅਤੇ ਕਾਨੂੰਨੀ ਦੋਵਾਂ ਮੁੱਦਿਆਂ ’ਤੇ ਵਿਚਾਰ ਕਰੇਗੀ। ਹੇਠਲੀ ਅਦਾਲਤ ਜ਼ਮਾਨਤ ਦੀਆਂ ਸ਼ਰਤਾਂ ਨਿਰਧਾਰਤ ਕਰੇਗੀ। ਸਜ਼ਾ ਵਿਰੁੱਧ ਅਪੀਲ ’ਤੇ ਸੁਣਵਾਈ ਜਾਰੀ ਰਹੇਗੀ। ਇਹ ਮਾਮਲਾ 2002 ਵਿੱਚ ਗੋਧਰਾ ਟ੍ਰੇਨ ਅੱਗ ਤੋਂ ਬਾਅਦ ਗੁਜਰਾਤ ਵਿੱਚ ਹੋਏ ਦੰਗਿਆਂ ਨਾਲ ਸਬੰਧਤ ਹੈ। ਦੰਗਿਆਂ ਦੌਰਾਨ, ਬਿਲਕਿਸ ਬਾਨੋ ਨਾਲ ਸਮੂਹਿਕ ਬਲਾਤਕਾਰ ਕੀਤਾ ਗਿਆ ਸੀ ਅਤੇ ਉਸਦੇ ਪਰਿਵਾਰ ਦੇ ਸੱਤ ਮੈਂਬਰਾਂ ਦੀ ਹੱਤਿਆ ਕਰ ਦਿੱਤੀ ਗਈ ਸੀ। ਘਟਨਾ ਦੇ ਸਮੇਂ, ਬਿਲਕਿਸ ਬਾਨੋ 21 ਸਾਲ ਦੀ ਸੀ ਅਤੇ ਪੰਜ ਮਹੀਨਿਆਂ ਦੀ ਗਰਭਵਤੀ ਸੀ।

ਕੁਲਗਾਮ ਵਿੱਚ ਸੀਆਰਪੀਐਫ ਟੀਮ ’ਤੇ ਹਮਲਾ ਕਰਨ ਵਾਲੇ 2 ਅੱਤਵਾਦੀ ਢੇਰ

ਸ਼੍ਰੀਨਗਰ, 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਕਸ਼ਮੀਰ ਦੇ ਕੁਲਗਾਮ ਵਿੱਚ ਸੁਰੱਖਿਆ ਬਲਾਂ ਦਾ ਅੱਤਵਾਦੀਆਂ ਨਾਲ ਮੁਕਾਬਲਾ ਹੋਇਆ। ਇਸ ਮੁਕਾਬਲੇ ਵਿੱਚ ਲਸ਼ਕਰ-ਏ-ਤੋਇਬਾ ਦੇ 2 ਅੱਤਵਾਦੀਆਂ ਦੇ ਮਾਰੇ ਜਾਣ ਦੀ ਖ਼ਬਰ ਹੈ। ਹਾਲਾਂਕਿ ਮਾਰੇ ਗਏ ਅੱਤਵਾਦੀਆਂ ਦੇ ਨਾਂ ਅਜੇ ਸਾਹਮਣੇ ਨਹੀਂ ਆਏ ਹਨ। ਲਤੀਫ਼ ਭੱਟ ’ਤੇ ਬੁੱਧਵਾਰ ਨੂੰ ਕੁਲਗਾਮ ਵਿੱਚ ਸੀਆਰਪੀਐਫ ਸੁਰੱਖਿਆ ਚੌਕੀ ’ਤੇ ਹੋਏ ਹਮਲੇ ਵਿੱਚ ਸ਼ਾਮਲ ਹੋਣ ਦਾ ਸ਼ੱਕ ਸੀ। ਕੁਲਗਾਮ ਜ਼ਿਲ੍ਹੇ ਵਿੱਚ ਸੀਆਰਪੀਐਫ ਟੀਮ ’ਤੇ ਹੋਏ ਹਮਲੇ ਤੋਂ ਬਾਅਦ ਸੁਰੱਖਿਆ ਬਲਾਂ ਵੱਲੋਂ ਤਲਾਸ਼ੀ ਮੁਹਿੰਮ ਜਾਰੀ ਹੈ। ਬੁੱਧਵਾਰ ਦੁਪਹਿਰ 2:15 ਵਜੇ ਦੇ ਕਰੀਬ ਦੋ ਅੱਤਵਾਦੀਆਂ ਨੇ ਸੀਆਰਪੀਐਫ ਦੀ ਇੱਕ ਚੌਕੀ ’ਤੇ ਆਟੋਮੈਟਿਕ ਹਥਿਆਰਾਂ ਨਾਲ ਹਮਲਾ ਕੀਤਾ ਸੀ। ਇਸ ਹਮਲੇ ਵਿੱਚ 3 ਜਵਾਨ ਜ਼ਖਮੀ ਹੋ ਗਏ। ਇਹ ਘਟਨਾ ਕੁਲਗਾਮ ਦੇ ਨੌਪੋਰਾ ਅਖਰਨ ਇਲਾਕੇ ਵਿੱਚ ਵਾਪਰੀ, ਜੋ ਸ਼੍ਰੀਨਗਰ ਤੋਂ ਲਗਭਗ 75 ਕਿਲੋਮੀਟਰ ਦੂਰ ਹੈ ਅਤੇ ਭਾਰੀ ਸੁਰੱਖਿਆ ਵਾਲੇ ਜੰਮੂ-ਸ਼੍ਰੀਨਗਰ ਰਾਸ਼ਟਰੀ ਰਾਜਮਾਰਗ ਤੋਂ ਸਿਰਫ਼ ਇੱਕ ਕਿਲੋਮੀਟਰ ਦੂਰ ਹੈ। ਸੂਤਰਾਂ ਨੇ ਦੱਸਿਆ ਕਿ ਸੀਆਰਪੀਐਫ ਦੀ 46ਵੀਂ ਬਟਾਲੀਅਨ ਦੀ ਇੱਕ ਟੀਮ ਨੌਪੋਰਾ ਅਖਰਨ ਖੇਤਰ ਵਿੱਚ ਰੁਟੀਨ ਡਿਊਟੀ ’ਤੇ ਸੀ। ਪੈਦਲ ਆਏ ਦੋ ਅੱਤਵਾਦੀਆਂ ਨੇ ਅੰਨ੍ਹੇਵਾਹ ਗੋਲੀਬਾਰੀ ਸ਼ੁਰੂ ਕਰ ਦਿੱਤੀ। ਜਵਾਨਾਂ ਨੇ ਤੁਰੰਤ ਕਾਰਵਾਈ ਕੀਤੀ ਅਤੇ ਜਵਾਬੀ ਕਾਰਵਾਈ ਕੀਤੀ। ਤਿੰਨ ਜ਼ਖਮੀ ਜਵਾਨਾਂ ਨੂੰ ਜੀਐਮਸੀ ਅਨੰਤਨਾਗ ਵਿੱਚ ਦਾਖਲ ਕਰਵਾਇਆ ਗਿਆ। ਜ਼ਖਮੀਆਂ ਵਿੱਚ ਹੌਂਡ ਕਾਂਸਟੇਬਲ ਸੋਮਵੀਰ ਸਿੰਘ, ਕਾਂਸਟੇਬਲ ਰਾਕੇਸ਼ ਦਾਸ ਅਤੇ ਕਾਂਸਟੇਬਲ ਸੰਤੋਸ਼ ਚੰਦਰੂ ਸ਼ਾਮਲ ਹਨ। ਪੱਛਮੀ ਬੰਗਾਲ ਦੇ ਰਹਿਣ ਵਾਲੇ ਸੰਤੋਸ਼ ਚੰਦਰੂ ਦੇ ਪੇਟ ਅਤੇ ਗੋਡੇ ਦੀ ਹੱਡੀ ਵਿੱਚ ਗੋਲੀ ਲੱਗੀ ਹੈ। ਉਸਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਅਸਾਮ ਦੇ ਰਹਿਣ ਵਾਲੇ ਕਾਂਸਟੇਬਲ ਰਾਕੇਸ਼ ਦਾਸ ਦੀ ਲੱਤ ਵਿੱਚ ਗੋਲੀ ਲੱਗੀ ਹੈ। ਹੌਂਡ ਕਾਂਸਟੇਬਲ ਸੋਮਵੀਰ ਸਿੰਘ ਦੇ ਖੱਬੇ ਹੱਥ ਵਿੱਚ ਗੋਲੀ ਲੱਗੀ ਹੈ। ਸੋਮਵੀਰ ਅਤੇ ਰਾਕੇਸ਼ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਹੈ। ਚੰਦਰੂ ਨੂੰ ਬਿਹਤਰ ਇਲਾਜ ਲਈ ਸ਼੍ਰੀਨਗਰ ਦੇ 92 ਬੇਸ ਹਸਪਤਾਲ ਲਿਜਾਇਆ ਗਿਆ। ਕਸ਼ਮੀਰ ਵਿੱਚ ਲੋੜੀਂਦੇ ਅੱਤਵਾਦੀਆਂ ਵਿਰੁੱਧ ਸੁਰੱਖਿਆ ਬਲਾਂ ਦੇ ਆਪ੍ਰੇਸ਼ਨਾਂ ਦੌਰਾਨ ਪੋਸਟਰ ਲਗਾਏ ਜਾਣ ਤੋਂ ਸਿਰਫ਼ 3 ਦਿਨ ਬਾਅਦ ਹੀ ਕੁਲਗਾਮ ਵਿੱਚ ਇਹ ਅੱਤਵਾਦੀ ਹਮਲਾ ਹੋਇਆ ਹੈ। ਐਤਵਾਰ ਨੂੰ ਸ਼੍ਰੀਨਗਰ ਦੇ ਲਾਲ ਚੌਕ ਸਮੇਤ ਪ੍ਰਮੁੱਖ ਥਾਵਾਂ ’ਤੇ ਸਥਾਨਕ ਲਸ਼ਕਰ-ਏ-ਤੋਇਬਾ ਦੇ ਅੱਤਵਾਦੀ ਮੁਹੰਮਦ ਲਤੀਫ਼ ਭੱਟ ਸਮੇਤ ਚਾਰ ਲੋੜੀਂਦੇ ਅੱਤਵਾਦੀਆਂ ਦੇ ਪੋਸਟਰ ਲਗਾਏ ਗਏ ਸਨ। ਬੁੱਧਵਾਰ ਨੂੰ ਕੁਲਗਾਮ ਦੇ ਅਖਰਨ ਵਿੱਚ ਇੱਕ ਚੌਕੀ ’ਤੇ ਗੋਲੀਬਾਰੀ ਵਿੱਚ ਤਿੰਨ ਸੀਆਰਪੀਐਫ ਜਵਾਨ ਜ਼ਖਮੀ ਹੋ ਗਏ ਸਨ।



ਕੈਨੇਡਾ : ਗੁਰਦੁਆਰਾ ਸਾਹਿਬ ਦੇ ਕੰਪਲੈਕਸ ’ਚ ਬਿਨਾਂ ਸਿਰ ਢਕੇ ਅਤੇ ਜੁੱਤੇ ਉਤਾਰੇ ਵੜੀ ਪੁਲਿਸ

ਓਨਟਾਰੀਓ, 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਕੈਨੇਡਾ ਦੇ ਓਨਟਾਰੀਓ ਦੇ ਕਿਚਨਰ ਵਿੱਚ ਸਿੱਖ ਭਾਈਚਾਰੇ ਵਿੱਚ ਉਦੋਂ ਰੋਸ ਪੈਦਾ ਹੋ ਗਿਆ, ਜਦੋਂ ਇੱਕ ਗੁਰਦੁਆਰਾ ਸਾਹਿਬ ਕਮੇਟੀ ਦੇ ਮੈਂਬਰਾਂ ਵੱਲੋਂ ਪੁਲਿਸ ਨੂੰ ਕੰਪਲੈਕਸ ਵਿੱਚ ਸੱਦਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ। ਇਹ ਘਟਨਾ 14 ਨਵੰਬਰ ਨੂੰ ਨਵੇਂ ਨਿਯਮਾਂ ’ਤੇ ਚਰਚਾ ਕਰਨ ਲਈ ਬੁਲਾਈ ਗਈ ਕਮੇਟੀ ਦੀ ਮੀਟਿੰਗ ਦੌਰਾਨ ਵਾਪਰੀ। ਇਸ ਮੀਟਿੰਗ ਵਿੱਚ ਕਥਿਤ ਤੌਰ ’ਤੇ ਭਾਈਚਾਰੇ ਦੇ ਮੈਂਬਰਾਂ, ਖਾਸ ਕਰਕੇ ਨੌਜਵਾਨਾਂ ਵਿਚਕਾਰ ਬਹਿਸ ਹੋਈ। ਸੋਸ਼ਲ ਮੀਡੀਆ ’ਤੇ ਘੁੰਮ ਰਹੀਆਂ ਤਸਵੀਰਾਂ ਅਤੇ ਵੀਡੀਓਜ਼ ਵਿੱਚ ਪੁਲਿਸ ਅਧਿਕਾਰੀ ਆਪਣੇ ਜੁੱਤੇ ਪਹਿਨ ਕੇ ਅਤੇ ਸਿਰ ਨੰਗੇ ਕਰਕੇ ਗੁਰਦੁਆਰਾ ਸਾਹਿਬ ਵਿੱਚ ਦਾਖਲ ਹੁੰਦੇ ਦਿਖਾਈ ਦਿੰਦੇ ਹਨ, ਜਿਸ ਨਾਲ ਵਿਆਪਕ ਰੋਸ ਪੈਦਾ ਹੋ ਗਿਆ। ਹਾਲਾਂਕਿ, ਕਮੇਟੀ ਮੈਂਬਰਾਂ ਨੂੰ ਜਲਦੀ ਹੀ ਅਧਿਕਾਰੀਆਂ ਨੂੰ ਬਾਹਰ ਲੈ ਜਾਂਦੇ ਦੇਖਿਆ ਗਿਆ। ਇਸ ਘਟਨਾ ਤੋਂ


ੴ
ਧੰਨ-ਧੰਨ ਸੰਤ ਗਿਆਨੀ ਜ਼ਰਨੈਲ ਸਿੰਘ ਜੀ
ਖ਼ਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਪਿਤਾ ਜੀ
ਸੱਚਖੰਡਵਾਸੀ
ਬਾਬਾ ਜੋਗਿੰਦਰ ਸਿੰਘ ਜੀ ਦੀ
33ਵੀਂ ਬਰਸੀ
ਮੌਕੇ ਵਿਸ਼ਾਲ
ਗੁਰਮਤਿ ਸਮਾਗਮ
ਸਿੱਖ ਕੌਮ ਦੀ ਮਹਾਨ ਸ਼ਖਸ਼ੀਅਤ, ਸੰਤ ਗਿਆਨੀ ਜ਼ਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਪਿਤਾ ਜੀ ਬਾਬਾ ਜੋਗਿੰਦਰ ਸਿੰਘ ਜੀ ਦੀ 33ਵੀਂ ਬਰਸੀ ਸ਼ਰਧਾ, ਸਤਿਕਾਰ ਅਤੇ ਪੂਰਤ ਗੁਰਮਤਿਆਂਦਾ ਅਨੁਸਾਰ ਮਨਾਈ ਜਾ ਰਹੀ ਹੈ।
ਇਸ ਪਾਵਨ ਮੌਕੇ ਗੁਰਦੁਆਰਾ ਸੰਤ ਖ਼ਾਲਸਾ, ਪਿੰਡ ਹੋਡੇ, ਜ਼ਿਲ੍ਹਾ ਮੋਗਾ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਮੌਕੇ ਸਮੂਹ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਨ ਅਤੇ ਬਾਬਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਵੱਧ-ਚੜ੍ਹ ਕੇ ਸਖ਼ੂਲੀਅਤ ਕਰਨ ਦੀ ਸਹਿਮਰ ਬੇਨਤੀ ਕੀਤੀ ਜਾਂਦੀ ਹੈ।
ਸਮਾਗਮ ਦਾ ਵੇਰਵਾ:
ਮਿਤੀ: 18 ਨਵੰਬਰ 2026 ਦਿਨ ਬੁੱਧਵਾਰ
ਸਮਾਂ: ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ
ਸਥਾਨ: ਗੁਰਦੁਆਰਾ ਸੰਤ ਖ਼ਾਲਸਾ, ਪਿੰਡ ਹੋਡੇ, ਜ਼ਿਲ੍ਹਾ ਮੋਗਾ।
ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਹੈ ਕਿ ਇਸ ਸ਼ਰਧਾ ਅਤੇ ਸਤਿਕਾਰ ਨਾਲ ਮਨਾਏ ਜਾ ਰਹੇ ਸਮਾਗਮ ਵਿੱਚ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਅਤੇ ਆਪਣੀ ਹਾਜਰੀ ਲਗਵਾਉਣ.
ਵੱਲੋਂ: ਸਮੂਹ ਬਾਬਾ ਪਰਿਵਾਰ ਅਤੇ ਨਗਰ ਪੰਚਾਇਤ
ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਜੀ ਖਾਲਸਾ
ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ

ਮੱਘਰ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ










ਪਿੰਡ ਰੋਡੇ (ਮੋਗਾ), 16 ਨਵੰਬਰ (ਗੁਰਪ੍ਰੀਤ ਸਿੰਘ/ਆਵਾਜ਼ਿ ਕੌਮ ਬਿਊਰੋ)-ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਪਿੰਡ ਰੋਡੇ, ਗੁਰਦੁਆਰਾ ਸੰਤ ਖਾਲਸਾ ਵਿਖੇ ਮੱਘਰ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ, ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਵੱਲੋਂ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅਤੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਜੀ ਵੱਲੋਂ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ ਅਤੇ ਆਏ ਹੋਏ ਮੁਖਵਾਕ ਸਾਹਿਬ ਦੀ ਕਥਾ ਵਿਚਾਰ ਕੀਤੀ ਗਈ। ਇਸ ਮੱਘਰ ਮਹੀਨੇ ਦੀ ਸੰਗਰਾਂਦ ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸਮੇਤ ਜਪੁਜੀ ਸਾਹਿਬ ਇਗਲੈਂਡ ਨਿਵਾਸੀ ਬੀਬੀ ਮਨਦੀਪ ਕੌਰ ਜੀ ਅਤੇ ਕੁਲਵੀਰ ਸਿੰਘ ਦੇ ਪਰਿਵਾਰ ਵੱਲੋਂ ਕੀਤੀ ਗਈ, ਅਤੇ ਖਾਲਸਾ ਪੰਥ ਦੀ ਚੜ੍ਹਦੀ ਕਲਾ ਦੀ ਪਰਿਵਾਰ ਵੱਲੋਂ ਅਰਦਾਸ ਕਰਵਾਈ ਗਈ। ਅੱਜ ਦਾ ਲਾਈਵ ਪ੍ਰੋਗਰਾਮ ਵੀ ਸਪੌਂਸਰ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮੂਹ ਸੇਵਾਦਾਰਾਂ ਵੱਲੋਂ ਸੇਵਾਵਾਂ ਨਿਭਾਈਆਂ ਗਈਆਂ।

ਆਵਾਜ਼ਿ ਕੌਮ
AWAZE QAUM
International Newspaper & WEB TV









ਆਵਾਜ਼ਿ ਕੌਮ AWAZE QAUM
International Newspaper & WEB TV


ੴ
ਧੰਨ-ਧੰਨ ਸੰਤ ਗਿਆਨੀ ਜ਼ਰਨੈਲ ਸਿੰਘ ਜੀ
ਖ਼ਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਪਿਤਾ ਜੀ
ਸੱਚਖੰਡਵਾਸੀ
ਬਾਬਾ ਜੋਗਿੰਦਰ ਸਿੰਘ ਜੀ ਦੀ
33ਵੀਂ ਬਰਸੀ
ਮੌਕੇ ਵਿਸ਼ਾਲ
ਗੁਰਮਤਿ ਸਮਾਗਮ
ਸਿੱਖ ਕੌਮ ਦੀ ਮਹਾਨ ਸ਼ਖਸੀਅਤ,
ਸੰਤ ਗਿਆਨੀ ਜ਼ਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ
ਦੇ ਸਤਿਕਾਰਯੋਗ ਪਿਤਾ ਜੀ ਬਾਬਾ ਜੋਗਿੰਦਰ ਸਿੰਘ ਜੀ ਦੀ
33ਵੀਂ ਬਰਸੀ ਸ਼ਰਧਾ, ਸਤਿਕਾਰ ਅਤੇ ਪੂਰਨ ਗੁਰਮਰਿਆਦਾ
ਅਨੁਸਾਰ ਮਨਾਈ ਜਾ ਰਹੀ ਹੈ।
ਇਸ ਪਾਵਨ ਮੌਕੇ ਗੁਰਦੁਆਰਾ ਸੰਤ ਖ਼ਾਲਸਾ,
ਪਿੰਡ ਰੋਡੇ, ਜ਼ਿਲ੍ਹਾ ਮੋਗਾ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ
ਕਰਵਾਇਆ ਜਾਵੇਗਾ। ਇਸ ਮੌਕੇ ਸਮੂਹ ਸੰਗਤਾਂ ਨੂੰ ਗੁਰੂ ਜਸ
ਸਰਵਣ ਕਰਨ ਅਤੇ ਬਾਬਾ ਜੀ ਨੂੰ ਸ਼ਰਾਧਾ ਦੇ ਫੁੱਲ ਭੇਟ ਕਰਨ ਲਈ
ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਸਨਿਮਰ ਬੇਨਤੀ ਕੀਤੀ ਜਾਂਦੀ ਹੈ।
ਸਮਾਗਮ ਦਾ ਵੇਰਵਾ:
ਮਿਤੀ:
18 ਨਵੰਬਰ 2026
ਦਿਨ ਬੁੱਧਵਾਰ
ਸਮਾਂ:
ਸਵੇਰੇ 10 ਵਜੇ ਤੋਂ
ਦੁਪਹਿਰ 3 ਵਜੇ ਤੱਕ
ਸਥਾਨ:
ਗੁਰਦੁਆਰਾ ਸੰਤ ਖ਼ਾਲਸਾ,
ਪਿੰਡ ਰੋਡੇ, ਜ਼ਿਲ੍ਹਾ ਮੋਗਾ।
ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਹੈ ਕਿ ਇਸ ਸ਼ਰਧਾ ਅਤੇ ਸਤਿਕਾਰ
ਨਾਲ ਮਨਾਏ ਜਾ ਰਹੇ ਸਮਾਗਮ ਵਿੱਚ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ
ਖੁਸ਼ੀਆਂ ਪ੍ਰਾਪਤ ਕਰਨ ਅਤੇ ਆਪਣੀ ਹਾਜ਼ਰੀ ਲਗਵਾਉਣ.
ਵੱਲੋਂ: ਸਮੂਹ ਬਾਬਾ ਪਰਿਵਾਰ ਅਤੇ ਨਗਰ ਪੰਚਾਇਤਾਂ
ਆਵਾਜ਼ਿ ਕੌਮ
AWAZE QAUM
International Newspaper & WEB TV

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar

ਹਠੂਰ ਤੋਂ ਬਾਬਾ ਸੱਤਪਾਲ ਆਮ ਆਦਮੀ ਪਾਰਟੀ ਵਿੱਚ ਹੋਏ ਸ਼ਾਮਿਲ

ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਲੋਕਾਂ ਦੇ ਭਰਵੇਂ ਇਕੱਠ ਵਿੱਚ ਸ਼ਾਮਿਲ ਕਰਦਿਆਂ ਆਖਿਆ ਜੀ ਆਇਆਂ





ਆਵਾਜ਼ਿ ਕੌਮ AWAZE QAUM International Newspaper & WEB TV

ਹਠੂਰ/ਜਗਰਾਉਂ (ਵਰਿਆਮ ਹਠੂਰ)-ਹਲਕਾ ਜਗਰਾਉਂ ਤੋਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਜੋ ਦੋ ਵਾਰ ਐੱਮ ਐੱਲ ਏ ਬਣ ਚੁੱਕੇ ਹਨ। ਤੇ ਆਮ ਆਦਮੀ ਪਾਰਟੀ ਵੱਲੋਂ ਉਨ੍ਹਾਂ ਨੂੰ ਤੀਜੀ ਵਾਰ ਫੇਰ ਹਲਕਾ ਜਗਰਾਉਂ ਤੋਂ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਾਰਿਆ ਹੈ। ਟਿਕਟ ਮਿਲਣ ਤੋਂ ਬਾਅਦ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਸਰਗਰਮੀਆਂ ਹੋਰ ਵੀ ਤੇਜ ਕਰ ਦਿੱਤੀਆਂ ਹਨ। ਅੱਜ ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਗੌਸਪਾਕ ਪੀਰ ਗਿਆਰਵੀਂ ਵਾਲਾ ਜੀ ਦੀ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸੱਤਪਾਲ ਜੀ ਦੇ ਗ੍ਰਹਿ ਵਿਖੇ ਬੀਬੀ ਮਾਣੂੰਕੇ ਨੇ ਇੱਕ ਖਾਸ ਮੀਟਿੰਗ ਕੀਤੀ ਜਿੱਥੇ ਪਾਰਟੀ ਆਗੂਆਂ ਅਤੇ ਵਰਕਰਾਂ ਸਮੇਤ ਨਗਰ ਦੇ ਬਹੁ ਗਿਣਤੀ ਲੋਕਾਂ ਨੇ ਸ਼ਮੂਲੀਅਤ ਕੀਤੀ, ਇਸ ਮੌਕੇ ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ, ਬਲਾਕ ਪ੍ਰਧਾਨ ਤਰਸੇਮ ਸਿੰਘ ਹਠੂਰ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ, ਸਰਪੰਚ ਸੋਹਣ ਸਿੰਘ ਚਕਰ, ਸਰਪੰਚ ਚਮਕੌਰ ਸਿੰਘ ਸਿੱਧੂ ਬੁਰਜ ਕਲਾਰਾ, ਸੋਸਲ ਮੀਡੀਆ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਬਿੰਦਾ ਹਠੂਰ, ਇਕਬਾਲ ਸਿੰਘ ਹਠੂਰ, ਕਮਲਜੀਤ ਸਿੰਘ, ਬੱਬੂ ਹਠੂਰੀਆ, ਪ੍ਰਧਾਨ ਸੁਖਪ੍ਰੀਤ ਸਿੰਘ ਸੁੱਖਾ ਬੁਰਜ ਕਲਾਰਾ, ਸੁਖਚੈਨ ਸਿੰਘ ਹਠੂਰ, ਪਰਮਜੀਤ ਸਿੰਘ ਪੰਮਾ, ਸਮੇਤ ਪਾਰਟੀ ਵਰਕਰਾਂ ਅਤੇ ਨਗਰ ਦੇ ਲੋਕਾਂ ਦੇ ਭਰਵੇਂ ਇਕੱਠ ਵਿੱਚ ਬਾਬਾ ਸੱਤਪਾਲ ਜੀ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕੀਤਾ, ਇਸ ਮੌਕੇ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਬਾਬਾ ਸੱਤਪਾਲ ਜੀ ਇੱਕ ਸਤਿਕਾਰਤ ਸ਼ਖਸੀਅਤ ਵਜੋਂ ਜਾਣੇ ਜਾਂਦੇ ਹਨ। ਜਿੰਨ੍ਹਾਂ ਦੇ ਪਾਰਟੀ ਵਿੱਚ ਸਾਮਿਲ ਹੋਣ ਨਾਲ ਪਾਰਟੀ ਨੂੰ ਹੋਰ ਵੀ ਬਲ ਮਿਲੇਗਾ, ਇਸ ਮੌਕੇ ਬਾਬਾ ਸੱਤਪਾਲ ਦੇ ਕਰੀਬੀ ਅਤੇ ਬਾਬਾ ਸੱਤਪਾਲ ਜੀ ਨੂੰ ਚਾਹੁਣ ਵਾਲਿਆਂ ਨੇ ਬਾਬਾ ਸੱਤਪਾਲ ਜੀ ਦੇ ਆਖੇ ਪਾਰਟੀ ਨਾਲ ਤੁਰਨ ਦਾ ਭਰੋਸਾ ਦਵਾਇਆ, ਇਸ ਮੌਕੇ ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਅਤੇ ਹਲਕਾ ਵਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਕੀਤੇ ਕੰਮਾਂ ਤੋਂ ਇਕੱਤਰ ਲੋਕਾਂ ਨੂੰ ਜਾਣੂੰ ਕਰਵਾਇਆ, ਇਸ ਮੌਕੇ ਬਾਬਾ ਸੱਤਪਾਲ ਜੀ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਬੀਬੀ ਮਾਣੂੰਕੇ ਨੂੰ ਸਨਮਾਨਿਤ ਵੀ ਕੀਤਾ, ਬੀਬੀ ਮਾਣੂੰਕੇ ਵੱਲੋਂ ਲੋਕਾਂ ਨਾਲ ਮਿਲਣੀ ਕਰਕੇ ਲੋਕਾਂ ਦੇ ਦੁੱਖ ਸੁਖ ਵੀ ਸੁਣੇ, ਤੇ ਜਿੰਨ੍ਹਾਂ ਦੇ ਕੋਈ ਕੰਮ ਸਨ। ਜਲਦ ਕਰਵਾਉਣ ਦਾ ਭਰੋਸਾ ਦਵਾਇਆ, ਇਸ ਮੌਕੇ ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ, ਬਲਾਕ ਸੰਮਤੀ ਮੈਂਬਰ ਪਰਮਿੰਦਰ ਸਿੰਘ ਹਠੂਰ, ਬਲਾਕ ਪ੍ਰਧਾਨ ਤਰਸੇਮ ਸਿੰਘ ਹਠੂਰ, ਸੋਸ਼ਲ ਮੀਡੀਆ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਹਠੂਰ, ਸਿੱਖਿਆ ਕੋਆਰਡੀਨੇਟਰ ਸੁਖਚੈਨ ਸਿੰਘ ਚੈਨਾ, ਕਰਮਜੀਤ ਸਿੰਘ ਧਾਲੀਵਾਲ, ਪਰਮਜੀਤ ਸਿੰਘ ਪੰਮਾ, ਪਰਮਲ ਸਿੰਘ ਹਠੂਰ, ਸਰਪੰਚ ਚਮਕੌਰ ਸਿੰਘ ਬੁਰਜਕਲਾਲਾ, ਸੁਖਪ੍ਰੀਤ ਸਿੰਘ ਬੁਰਜਕਲਾਰਾ ਵਾਹਿਗੁਰੂ ਪਾਲ ਸਿੰਘ ਬੁਰਜਕਲਾਰਾ, ਸੈਂਬਰ ਸਿੰਘ ਹਠੂਰ, ਸਮੇਤ ਅਨੇਕਾਂ ਆਗੂ, ਪਾਰਟੀ ਵਰਕਰ ਅਤੇ ਨਗਰ ਦੇ ਲੋਕ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਨ ਫਾਊਂਡੇਸ਼ਨ ਵੱਲੋਂ ਪੰਜਾਬ ਭਰ ਵਿੱਚ 5 ਹਜਾਰ ਤੋਂ ਵੱਧ ਨਸ਼ਾ ਮੁਕਤ ਪੰਜਾਬ ਯੂਥ ਅੰਬੈਸਡਰ ਕਰੇਗੀ ਤਿਆਰ: ਵਿਕਰਮਜੀਤ ਸਿੰਘ ਸਾਹਨੀ

ਨਵੀਂ ਦਿੱਲੀ 16 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਐਲਾਨ ਕੀਤਾ ਕਿ ਉਨ੍ਹਾਂ ਦੀ ਸੰਸਥਾ 'ਸਨ ਫਾਊਂਡੇਸ਼ਨ' ਵੱਲੋਂ ਪੰਜਾਬ ਭਰ ਵਿੱਚ 5,000 ਤੋਂ ਵੱਧ 'ਨਸ਼ਾ ਮੁਕਤ ਪੰਜਾਬ ਯੂਥ ਅੰਬੈਸਡਰ' ਤਿਆਰ ਕੀਤੇ ਜਾਣਗੇ। ਇਹ ਨੌਜਵਾਨ ਪੰਜਾਬ ਦੇ ਪਿੰਡਾਂ, ਸ਼ਹਿਰਾਂ ਅਤੇ ਵੱਖ-ਵੱਖ ਇਲਾਕਿਆਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣਗੇ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਗੇ। ਇਸ ਦੇ ਨਾਲ ਹੀ ਨਸ਼ੇ ਦੀ ਲਤ ਨਾਲ ਜੂਝ ਰਹੇ ਨੌਜਵਾਨਾਂ ਨੂੰ ਸਨ ਫਾਊਂਡੇਸ਼ਨ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਚਲਾਏ ਜਾ ਰਹੇ 10 ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਨਾਲ ਜੋੜਨ ਵਿੱਚ ਵੀ ਮਦਦ ਕਰਨਗੇ। ਇਨ੍ਹਾਂ ਕੇਂਦਰਾਂ ਵਿੱਚ ਮੋਹਾਲੀ, ਅੰਮ੍ਰਿਤਸਰ, ਜਲੰਧਰ, ਬਠਿੰਡਾ, ਮੋਗਾ ਸਮੇਤ ਪੰਜਾਬ ਦੇ ਹੋਰ ਜ਼ਿਲ੍ਹੇ ਸ਼ਾਮਲ ਹਨ। ਸਨ ਫਾਊਂਡੇਸ਼ਨ ਵੱਲੋਂ ਹੁਣ ਤੱਕ 1,000 ਤੋਂ ਵੱਧ ਨਸ਼ੇ ਦੀ ਲਤ ਦਾ ਸ਼ਿਕਾਰ ਹੋਏ ਵਿਅਕਤੀਆਂ ਦਾ ਇਲਾਜ ਅਤੇ ਮੁੜ ਵਸੇਬਾ ਕਰਵਾਇਆ ਜਾ ਚੁੱਕਾ ਹੈ। ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣ ਲਈ ਇਲੈਕਟ੍ਰੀਸ਼ੀਅਨ ਦਾ ਕੰਮ, ਮੋਬਾਈਲ ਰਿਪੇਅਰਿੰਗ, ਫੁੱਟਬਾਲ ਦੀ ਸਿਲਾਈ, ਸ਼ੈੱਫ ਟ੍ਰੇਨਿੰਗ, ਬਿਊਟੀ ਅਤੇ ਵੈੱਲਨੈੱਸ ਸਮੇਤ ਵੱਖ-ਵੱਖ ਕਿੱਤਾਮੁਖੀ ਕੋਰਸਾਂ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ, ਸਨ ਫਾਊਂਡੇਸ਼ਨ ਦੇ ਵੱਖ-ਵੱਖ ਨਸ਼ਾ ਛੁਡਾਊ ਕੇਂਦਰਾਂ ਵਿੱਚ ਯੋਗਾ, ਮੈਡੀਟੇਸ਼ਨ, ਜਿਮ ਟ੍ਰੇਨਿੰਗ ਅਤੇ ਖੇਡਾਂ ਦੀਆਂ ਗਤੀਵਿਧੀਆਂ ਵੀ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਨੌਜਵਾਨਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਬਣਾਇਆ ਜਾ ਸਕੇ। ਡਾ. ਸਾਹਨੀ ਨੇ ਕਿਹਾ ਕਿ ਜਿਹੜੇ ਯੂਥ ਅੰਬੈਸਡਰ ਨਸ਼ਿਆਂ ਵਿਰੁੱਧ ਇਸ ਮੁਹਿੰਮ ਵਿੱਚ ਵਡਮੁੱਲਾ ਯੋਗਦਾਨ ਪਾਉਣਗੇ ਅਤੇ ਨਸ਼ੇ ਦੀ ਲਤ ਨਾਲ ਜੂਝ ਰਹੇ ਵਿਅਕਤੀਆਂ ਨੂੰ ਮੁੜ ਵਸੇਬਾ ਕੇਂਦਰਾਂ ਤੱਕ ਪਹੁੰਚਾਉਣ ਵਿੱਚ ਮਦਦ ਕਰਨਗੇ, ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਅਜਿਹੇ ਮਿਹਨਤੀ ਨੌਜਵਾਨਾਂ ਨੂੰ ਨਵੀਂ ਦਿੱਲੀ ਵਿਖੇ ਭਾਰਤ ਦੀ ਸੰਸਦ ਦਾ ਦੌਰਾ ਕਰਨ ਲਈ ਵੀ ਸੱਦਾ ਦਿੱਤਾ ਜਾਵੇਗਾ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਲਹਿਰਾ ਹਲਕੇ ਦੇ ਸੱਤ ਪਿੰਡਾਂ ਵਿੱਚ ਨਵੇਂ ਸਟੇਡੀਅਮਾਂ ਦਾ ਉਦਘਾਟਨ ਕੀਤਾ

ਬੌਪੁਰ, ਗੁਲਾੜੀ ਅਤੇ ਮੰਨਿਆਣਾ ਵਿੱਚ ਲਾਲ ਲਕੀਰ ਅੰਦਰ ਰਹਿੰਦੇ ਪਰਿਵਾਰਾਂ ਨੂੰ ਘਰਾਂ ਦੇ ਮਾਲਕੀ ਹੱਕਾਂ ਦੇ 1,026 ਕਾਰਡ ਸੌਂਪੇ



ਆਵਾਜ਼ਿ ਕੌਮ AWAZE QAUM International Newspaper & WEB TV

ਲਹਿਰਾਗਾਗਾ (ਰਣਜੀਤ ਸਿੰਘ ਪੇਧਨੀ)-ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਲਹਿਰਾ ਵਿਧਾਨ ਸਭਾ ਹਲਕੇ ਦੇ ਸੱਤ ਪਿੰਡਾਂ ਵਿੱਚ ਨਵੇਂ ਬਣੇ ਸਟੇਡੀਅਮਾਂ ਦਾ ਉਦਘਾਟਨ ਕਰਕੇ ਇਨ੍ਹਾਂ ਨੂੰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ। ਉਨ੍ਹਾਂ ਨੇ ਉਦਘਾਟਨੀ ਸਮਾਗਮਾਂ ਦੀ ਸ਼ੁਰੂਆਤ ਬਾਦਲਗੜ੍ਹ ਤੋਂ ਕੀਤੀ। ਇਸ ਮਗਰੋਂ ਉਨ੍ਹਾਂ ਨੇ ਅੰਨਦਾਣਾ, ਬੌਪੁਰ, ਬਨਾਰਸੀ, ਗੁਲਾੜੀ, ਮੰਨਿਆਣਾ ਅਤੇ ਰਾਮਪੁਰ ਗੁੱਜਰਾਂ ਵਿਖੇ ਸਟੇਡੀਅਮਾਂ ਦਾ ਉਦਘਾਟਨ ਕੀਤਾ। ਇਸੇ ਦੌਰੇ ਦੌਰਾਨ ਕੈਬਨਿਟ ਮੰਤਰੀ ਨੇ ਬੌਪੁਰ, ਗੁਲਾੜੀ ਅਤੇ ਮੰਨਿਆਣਾ ਵਿਖੇ ਲਾਲ ਲਕੀਰ ਅੰਦਰ ਰਹਿੰਦੇ ਲਾਭਪਾਤਰੀ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਦੇ ਕੁੱਲ 1,026 ਕਾਰਡ ਵੀ ਸੌਂਪੇ। ਨਵੇਂ ਸਟੇਡੀਅਮਾਂ ਨਾਲ ਸਕੂਲੀ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਪਿੰਡਾਂ ਵਿੱਚ ਹੀ ਖੇਡਣ ਅਤੇ ਨਿਯਮਤ ਅਭਿਆਸ ਕਰਨ ਲਈ ਢੁੱਕਵੀਂ ਥਾਂ ਮਿਲੇਗੀ। ਘਰ ਦੇ ਨੇੜੇ ਖੇਡ ਸਹੂਲਤ ਉਪਲਬਧ ਹੋਣ ਨਾਲ ਬੱਚੇ ਸਕੂਲ ਤੋਂ ਬਾਅਦ ਵੀ ਆਸਾਨੀ ਨਾਲ ਅਭਿਆਸ ਕਰ ਸਕਣਗੇ। ਉੱਭਰਦੇ ਖਿਡਾਰੀਆਂ ਨੂੰ ਟੀਮਾਂ ਬਣਾ ਕੇ ਅਭਿਆਸ ਕਰਨ ਅਤੇ ਮੁਕਾਬਲਿਆਂ ਦੀ ਤਿਆਰੀ ਕਰਨ ਦਾ ਮੌਕਾ ਮਿਲੇਗਾ। ਇਨ੍ਹਾਂ ਸਟੇਡੀਅਮਾਂ ਵਿੱਚ ਪਿੰਡ ਪੱਧਰੀ ਖੇਡ ਮੁਕਾਬਲੇ ਅਤੇ ਨੇੜਲੇ ਪਿੰਡਾਂ ਦੀਆਂ ਟੀਮਾਂ ਵਿਚਾਲੇ ਮੈਚ ਵੀ ਕਰਵਾਏ ਜਾ ਸਕਣਗੇ। ਅਜਿਹੇ ਮੁਕਾਬਲਿਆਂ ਰਾਹੀਂ ਨਵੇਂ ਖਿਡਾਰੀਆਂ ਨੂੰ ਆਪਣੀ ਖੇਡ ਦਿਖਾਉਣ ਅਤੇ ਤਜਰਬੇਕਾਰ ਖਿਡਾਰੀਆਂ ਤੋਂ ਸਿੱਖਣ ਦਾ ਮੌਕਾ ਮਿਲੇਗਾ।

ਪਿੰਡ ਵਿੱਚ ਖੇਡਣ ਲਈ ਢੁੱਕਵੀਂ ਥਾਂ ਮਿਲਣ ਨਾਲ ਉਹ ਬੱਚੇ ਵੀ ਖੇਡਾਂ ਨਾਲ ਜੁੜ ਸਕਣਗੇ ਜੋ ਹਾਲੇ ਕਿਸੇ ਟੀਮ ਦਾ ਹਿੱਸਾ ਨਹੀਂ ਹਨ। ਮਾਲਕੀ ਹੱਕਾਂ ਦੇ ਕਾਰਡਾਂ ਦੀ ਵੰਡ ਲਈ ਕਰਵਾਏ ਸਮਾਗਮਾਂ ਦੌਰਾਨ ਕੈਬਨਿਟ ਮੰਤਰੀ ਨੇ ਬੌਪੁਰ ਵਿਖੇ 249, ਗੁਲਾੜੀ ਵਿਖੇ 422 ਅਤੇ ਮੰਨਿਆਣਾ ਵਿਖੇ 355 ਕਾਰਡ ਸੌਂਪੇ। ਇਨ੍ਹਾਂ ਕਾਰਡਾਂ ਨਾਲ ਲਾਭਪਾਤਰੀ ਪਰਿਵਾਰਾਂ ਨੂੰ ਲਾਲ ਲਕੀਰ ਅੰਦਰ ਸਥਿਤ ਆਪਣੇ ਘਰਾਂ ਦੀ ਮਾਲਕੀ ਦਾ ਦਸਤਾਵੇਜ਼ੀ ਸਬੂਤ ਮਿਲਿਆ ਹੈ, ਜਿਸ ਨੂੰ ਉਹ ਲੋੜ ਪੈਣ 'ਤੇ ਪੇਸ਼ ਕਰ ਸਕਣਗੇ। ਇਸ ਮੌਕੇ ਪਿੰਡ ਵਾਸੀਆਂ ਨੇ ਨਵੇਂ ਸਟੇਡੀਅਮ ਬਣਾਉਣ ਅਤੇ ਘਰਾਂ ਦੇ ਮਾਲਕੀ ਹੱਕਾਂ ਦੇ ਕਾਰਡ ਸੌਂਪਣ ਲਈ ਪੰਜਾਬ ਸਰਕਾਰ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਜਿੰਨਾ ਵਿਕਾਸ ਕਰਵਾਇਆ ਹੈ, ਓਨਾ ਵਿਕਾਸ ਪਿਛਲੇ 70 ਤੋਂ 75 ਸਾਲਾਂ ਦੌਰਾਨ ਵੱਖ-ਵੱਖ ਸਰਕਾਰਾਂ ਨਹੀਂ ਕਰਵਾ ਸਕੀਆਂ। ਇਨ੍ਹਾਂ ਸਮਾਗਮਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ

ਸੰਗਤਪੁਰਾ-ਚੰਗਾਲੀਵਾਲਾ ਦੀ ਸਾਢੇ ਤਿੰਨ ਕਿਲੋਮੀਟਰ ਲੰਬੀ ਨਵੀਂ ਸੜਕ ਲੋਕਾਂ ਨੂੰ ਸਮਰਪਿਤ



ਨਵੀਂ ਸੜਕ ਦੇ ਨਿਰਮਾਣ 'ਤੇ 1.65 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਆਈ, ਲਹਿਰਾਗਾਗਾ ਅਤੇ ਖੇਤਾਂ ਤੱਕ ਪਹੁੰਚ ਹੋਈ ਸੁਖਾਲੀ

ਆਵਾਜ਼ਿ ਕੌਮ AWAZE QAUM International Newspaper & WEB TV

ਦਿੜ੍ਹਬਾ (ਰਣਜੀਤ ਸਿੰਘ ਪੇਧਨੀ)-ਪੰਜਾਬ ਦੇ ਵਿੱਤ ਤੇ ਯੋਜਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਪਿੰਡ ਸੰਗਤਪੁਰਾ ਵਿਖੇ ਸੰਗਤਪੁਰਾ ਤੋਂ ਚੰਗਾਲੀਵਾਲਾ ਤੱਕ ਬਣੀ ਸਾਢੇ ਤਿੰਨ ਕਿਲੋਮੀਟਰ ਲੰਬੀ ਨਵੀਂ ਸੜਕ ਦਾ ਉਦਘਾਟਨ ਕਰਕੇ ਇਸ ਨੂੰ ਲੋਕਾਂ ਨੂੰ ਸਮਰਪਿਤ ਕੀਤਾ। ਇਸ ਸੜਕ ਦੇ ਨਿਰਮਾਣ 'ਤੇ 1 ਕਰੋੜ 65 ਲੱਖ ਰੁਪਏ ਤੋਂ ਵੱਧ ਦੀ ਲਾਗਤ ਆਈ ਹੈ। ਇਸ ਮੌਕੇ ਉਨ੍ਹਾਂ ਨੇ ਸੰਗਤਪੁਰਾ ਤੋਂ ਲਦਾਲ ਤੱਕ ਦੀ ਸੜਕ ਨੂੰ ਚੌੜਾ ਕਰਨ ਦੇ ਚੱਲ ਰਹੇ ਕੰਮ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੰਗਤਪੁਰਾ-ਚੰਗਾਲੀਵਾਲਾ ਸੜਕ ਬਣਨ ਨਾਲ ਦੋਵਾਂ ਪਿੰਡਾਂ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਲਈ ਲਹਿਰਾਗਾਗਾ ਅਤੇ ਹੋਰ ਸ਼ਹਿਰਾਂ ਤੱਕ ਆਉਣਾ-ਜਾਣਾ ਸੁਖਾਲਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਨਾਲ ਲੱਗਦੇ ਖੇਤਾਂ ਤੱਕ ਕਿਸਾਨਾਂ ਦੀ ਪਹੁੰਚ ਵੀ ਸੁਖਾਲੀ ਹੋਈ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਨੇੜਲੇ ਸ਼ਹਿਰਾਂ ਨਾਲ ਜੋੜਨ ਵਾਲੀਆਂ ਸੜਕਾਂ ਨੂੰ ਬਿਹਤਰ ਬਣਾਉਣਾ ਪੰਜਾਬ ਸਰਕਾਰ ਵੱਲੋਂ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਅਹਿਮ ਹਿੱਸਾ ਹੈ। ਵਿੱਤ ਮੰਤਰੀ ਨੇ ਦੱਸਿਆ ਕਿ ਸੰਗਤਪੁਰਾ ਤੋਂ ਲਦਾਲ ਜਾਣ ਵਾਲੀ ਸੜਕ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਇਸ ਦੀ ਚੌੜਾਈ 10 ਫੁੱਟ ਤੋਂ ਵਧਾ ਕੇ 18 ਫੁੱਟ ਕੀਤੀ ਜਾ ਰਹੀ ਹੈ। ਇਸ ਕੰਮ 'ਤੇ ਕਰੀਬ 1 ਕਰੋੜ 85 ਲੱਖ ਰੁਪਏ ਖ਼ਰਚ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸੜਕ ਚੌੜੀ ਹੋਣ ਨਾਲ ਦੋਵਾਂ ਪਾਸਿਆਂ ਤੋਂ ਆਉਣ ਵਾਲੇ ਵਾਹਨਾਂ ਨੂੰ ਇੱਕ-ਦੂਜੇ ਕੋਲੋਂ ਲੰਘਣ ਲਈ ਵਧੇਰੇ ਥਾਂ ਮਿਲੇਗੀ। ਉਨ੍ਹਾਂ ਦੱਸਿਆ ਕਿ ਇਹ ਕੰਮ ਅਗਲੇ 15 ਤੋਂ 20 ਦਿਨਾਂ ਵਿੱਚ ਮੁਕੰਮਲ ਕਰਨ ਦਾ ਟੀਚਾ ਹੈ। ਸ੍ਰ ਚੀਮਾ ਨੇ ਦੱਸਿਆ ਕਿ ਹਲਕਾ ਦੌਰੇ ਦੌਰਾਨ ਭਸਕਾ, ਗੁਜਰਾਂ (ਗਿਦੜਿਆਣੀ) ਅਤੇ ਪਾਟਿਆਂਵਾਲੀ ਵਿਖੇ ਵੀ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਗਲੀਆਂ ਅਤੇ ਪਾਣੀ ਦੀ ਨਿਕਾਸੀ ਨਾਲ ਸਬੰਧਤ ਕੰਮ ਲੋਕਾਂ ਦੀਆਂ ਰੋਜ਼ਮਰ੍ਹਾ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕਰਵਾਏ ਜਾ ਰਹੇ ਹਨ। ਸੰਗਤਪੁਰਾ ਵਿਖੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਪਿੰਡ ਵਿੱਚ ਗੰਦੇ ਪਾਣੀ ਦੀ ਨਿਕਾਸੀ ਦੀ ਸਮੱਸਿਆ ਹੱਲ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਕੰਕਰੀਟ ਦੀਆਂ ਗਲੀਆਂ ਬਣਨ ਨਾਲ ਲੋਕਾਂ ਨੂੰ ਰਾਹਤ ਮਿਲੀ ਹੈ ਅਤੇ ਪਿੰਡ ਦੀਆਂ ਬਾਕੀ ਤਿੰਨ ਗਲੀਆਂ ਦਾ ਕੰਮ ਵੀ ਜਲਦ ਮੁਕੰਮਲ ਕਰਵਾਇਆ ਜਾਵੇਗਾ। ਬੱਸ ਸੇਵਾ ਸਬੰਧੀ ਇਲਾਕਾ ਵਾਸੀਆ

ਗੁਰੂ ਵੱਲੋਂ ਬਖ਼ਸ਼ੇ ਰਹਿਣ ਬਸੇਰੇ ਦੀ ਖੁਸ਼ੀ ਵਿੱਚ

ਬਾਬਾ ਜੀਵਨ ਸਿੰਘ ਚੁਨਾਗਰਾ ਦੱਲੋਂ ਕਰਵਾਇਆ ਗਿਆ ਸ਼ੁਕਰਾਨਾ ਸਮਾਗਮ

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਕੀਤੀ ਸ਼ਿਰਕਤ, ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਕੀਤਾ ਨਿਹਾਲ














ਪਾਤੜਾਂ (ਪਟਿਆਲਾ), 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਗੁਰਦੁਆਰਾ ਸੰਗਤਸਰ ਸਾਹਿਬ ਪਿੰਡ ਚੁਨਾਗਰਾ ਦੇ ਮੁੱਖ ਸੇਵਾਦਾਰ ਸੇਵਾਦਾਰ ਬਾਬਾ ਜੀਵਨ ਸਿੰਘ ਚੁਨਾਗਰਾ ਪੰਥਕ ਸੇਵਾ ਲਹਿਰ ਦਾਦੂ ਸਾਹਿਬ ਨੇ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਰਹਿਣ ਬਸੇਰੇ ਦੀ ਖੁਸ਼ੀ ਵਿੱਚ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਇੱਕ ਧਾਰਮਿਕ ਸਮਾਗਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਗੁਰੂ ਗ੍ਰੰਥਸਰ ਸਾਹਿਬ ਦਾਦੂ ਸਾਹਿਬ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਇਸ ਮੌਕੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰੂ ਸਾਹਿਬ ਦੀਆਂ ਬਖ਼ਿਸ਼ਸ਼ਾਂ ਲਈ ਸ਼ੁਕਰਾਨਾ ਕਰਨ, ਗੁਰਬਾਣੀ ਨਾਲ ਜੁੜਨ ਅਤੇ ਸਿੱਖੀ ਸਿਧਾਂਤਾਂ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੱਤੀ। ਸਮਾਗਮ ਦੌਰਾਨ ਇਲਾਕੇ ਦੀਆਂ ਵੱਡੀ ਗਿਣਤੀ ਵਿੱਚ ਸੰਗਤਾਂ,ਪੰਥਕ ਸ਼ਖ਼ਸੀਅਤਾਂ,ਸਰਪੰਚਾਂ ਅਤੇ ਨੰਬਰਦਾਰਾਂ ਸ. ਕਰਮ ਸਿੰਘ ਡੀ ਟੀ ਓ,ਬਾਬਾ ਲਾਲ ਸਿੰਘ ਭੀਖੀ,ਚੇਅਰਮੈਨ ਤਜਿੰਦਰਪਾਲ ਸਿੰਘ ਬੂਰੜ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਬਾਬਾ ਜੀਵਨ ਸਿੰਘ ਵੱਲੋਂ ਸਿਰਪਾਓ ਭੇਂਟ ਕਰਕੇ ਆਈਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਮੁੱਚਾ ਸਮਾਗਮ ਗੁਰੂ ਸਾਹਿਬ ਦੀ ਅਪਾਰ ਬਖ਼ਿਸ਼ਸ਼ ਅਤੇ ਗੁਰੂ ਘਰ ਪ੍ਰਤੀ ਸੰਗਤਾਂ ਦੀ ਸ਼ਰਧਾ ਦਾ ਪ੍ਰਤੀਕ ਹੋ ਨਿਬੜਿਆ।



ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

ਮੱਘਰ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



ਫ਼ਿਰੋਜ਼ਪੁਰ, 16 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਮੱਘਰ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਰਮਨਦੀਪ ਸਿੰਘ, ਭਾਈ ਬਲਜੀਤ ਬੱਬੂ, ਢਾਡੀ ਜਥਾ ਭਾਈ ਬੋਹੜ ਸਿੰਘ ਬਾਰਕੇ ਤੋਂ ਇਲਾਵਾ ਹੋਰ ਪੁੱਜੀਆਂ ਧਾਰਮਿਕ ਸਖਸ਼ੀਅਤਾਂ ਨੇ ਗੁਰ ਇਤਿਹਾਸ ਅਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਭ ਤੋਂ ਪਹਿਲਾਂ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਹੇ ਵਾਹਿਗੁਰੂ ਜੀ ਸਰਬੱਤ ਸੰਗਤ ਦਾ ਭਲਾ ਕਰੀ, ਜਿਹੜਾ ਮੱਘਰ ਮਹੀਨਾ ਚੜਿਆ ਹੈ, ਸਭ ਨੂੰ ਸੁੱਖ ਬਖਸ਼ਣ, ਦੁੱਖ—ਕਲੇਸ਼ ਦੂਰ ਕਰਨਾ, ਸਭ ਸੰਗਤਾਂ ਦੀ ਹਾਜ਼ਰੀ ਗੁਰੂ ਘਰ ਵਿਚ ਪ੍ਰਵਾਣ ਕਰਨਾ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ, ਬਾਣੀ ਪੜਨ ਨਾਲ ਬਾਣੀ ਸੁਨਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਧੰਨ—ਧੰਨ ਬਾਬਾ ਦੀਪ ਸਿੰਘ ਜੀ ਮਹਾਰਾਜ ਦੇ ਸ਼ਹੀਦੀ ਦਿਹਾੜੇ ਨੂੰ ਕੋਟਿਨ ਕੋਟ ਪ੍ਰਣਾਮ ਜਿਨ੍ਹਾਂ ਨੇ ਬੰਦਗੀ ਵਿਚੋਂ ਹੀ ਸ਼ਕਤੀ ਪ੍ਰਗਟ ਹੋਈ। ਨਾਮ ਜਪਣ ਨਾਲ ਸਾਨੂੰ ਦੁਨਿਆਵੀਂ ਵਸਤੂਆਂ ਦੇ ਨਾਲ—ਨਾਲ ਗੁਰੂ ਸਾਹਿਬ ਜੀ ਦਾ ਅਸ਼ੀਰਵਾਦ ਮਿਲਦਾ ਹੈ, ਸਾਨੂੰ ਕਾਮ, ਕਰੋਧ, ਮੋਹ, ਲੋਭ, ਹੰਕਾਰ ਤਿਆਗ ਕੇ ਸੱਚੇ ਗੁਰੂ ਲੜ ਲੱਗੋ। ਉਨ੍ਹਾਂ ਧੰਨ—ਧੰਨ ਬਾਬਾ ਦੀਪ ਸਿੰਘ ਮਹਾਰਾਜ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਲਾਨਾ ਖੇਡਾਂ ਕਰਵਾਈਆਂ



ਫ਼ਿਰੋਜ਼ਪੁਰ, 16 ਨਵੰਬਰ (ਮਨੋਹਰ ਲਾਲ) :— ਖੇਡਾਂ ਮਨੁੱਖੀ ਸਰੀਰ ਦਾ ਜ਼ਰੂਰੀ ਅੰਗ ਹਨ, ਖੇਡਾਂ ਮਨੁੱਖੀ ਸਰੀਰ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਵੀ ਕਰਦੀਆਂ ਹਨ, ਇਸ ਤਹਿਤ ਸਰਦਾਰ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸ਼ਾਹਦੀਨ ਵਾਲਾ (ਅਰਮਾਨਪੁਰਾ) ਵਿਖੇ ਸਲਾਨਾ ਖੇਡਾਂ ਜਿਨ੍ਹਾਂ ਵਿਚ ਅੰਡਰ—11, ਅੰਡਰ—14 ਅਤੇ ਅੰਡਰ—17 ਦੀਆਂ ਖੋ—ਖੋ ਹੈਂਡਬਾਲ, ਰੇਸ, ਰੱਸਾ ਕੱਸੀ, ਸਾਈਕਲ ਰੇਸ, ਸਪੁਨ ਰੇਸ, ਜਪਿੰਗ ਰੇਸ, ਚੇਅਰ ਰੇਸ, ਰਿਲੇਅ ਰੇਸ ਆਦਿ ਕਰਵਾਈਆਂ ਗਈਆਂ। ਇਸ ਮੌਕੇ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ ਦੇ ਮੁੱਖ ਸੇਵਾਦਾਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਭਗਤ ਬਾਬਾ ਮਿਲਖਾ ਸਿੰਘ ਬੱਚਿਆਂ ਨੂੰ ਅਸ਼ੀਰਵਾਦ ਦੇਣ ਲਈ ਪਹੁੰਚੇ ਅਤੇ ਜੇਤੂ ਬੱਚਿਆਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਮਨੁੱਖ ਦੀ ਸਹਿਜ ਸੁਭਾਵਿਕ ਪ੍ਰਵਿਰਤੀ ਹੈ, ਮਨੁੱਖ ਆਦਿ—ਕਾਲ ਤੋਂ ਹੀ ਖੇਡਾਂ ਖੇਡਦਾ ਆਇਆ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿਚ ਬੱਚਿਆਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਬਚਾਉਣ ਲਈ ਖੇਡਾਂ ਬਹੁਤ ਜ਼ਰੂਰੀ ਹਨ, ਖੇਡਾਂ ਬੱਚਿਆਂ ਦਾ ਮਾਨਸਿਕ ਅਤੇ ਸਰੀਰਕ ਵਿਕਾਸ ਕਰਦੀਆਂ ਹਨ। ਉਨ੍ਹਾਂ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਖੇਡਾਂ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਅਸ਼ੀਰਵਾਦ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਸਕੂਲ ਮੈਨੇਜਰ ਇੰਦਰਪਾਲ ਸਿੰਘ ਨੇ ਕਿਹਾ ਕਿ ਖੇਡਾਂ ਜੀਵਨ ਦਾ ਖੇੜਾ ਅਤੇ ਮਨੁੱਖ ਦੇ ਸਰਬ ਪੱਖੀ ਵਿਕਾਸ ਦਾ ਮਹੱਤਵਪੂਰਨ ਸ੍ਰੋਤ ਹਨ। ਖੇਡਾਂ ਕੇਵਲ ਮਨੋਰੰਜਨ ਦਾ ਸਾਧਨ ਹੀ ਨਹੀਂ ਇਸ ਨਾਲ ਸਰੀਰਕ ਅਤੇ ਮਾਨਸਿਕ ਖੁਸ਼ੀ ਵੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਰਦਾਰ ਕਰਤਾਰ ਸਿੰਘ ਸਰਾਭਾ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਲਾਨਾ ਖੇਡਾਂ 14 ਨਵੰਬਰ 2026 ਨੂੰ ਛੋਟੇ ਬੱਚਿਆਂ ਤੇ ਲੜਕੀਆਂ ਦੀਆਂ ਖੇਡਾਂ ਅਤੇ 16 ਨਵੰਬਰ 2026 ਨੂੰ ਲੜਕਿਆਂ ਦੀਆਂ ਖੇਡਾਂ ਕਰਵਾਈਆਂ ਗਈਆਂ। ਬੱਚਿਆਂ ਦੀ ਹੌਂਸਲਾ ਅਫਜਾਈ ਕਰਨ ਲਈ ਸਕੂਲ ਪ੍ਰਬੰਧਕ ਕਮੇਟੀ ਦੇ ਕਮੇਟੀ ਮੈਂਬਰ ਉੱਚੇ ਤੌਰ ਤੇ ਪਹੁੰਚੇ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਰਣਜੀਤ ਸਿੰਘ, ਪ੍ਰਿੰਸੀਪਲ ਖੁਸ਼ਵੰਤ ਸਿੰਘ, ਮੈਡਮ ਮਨੋਹਰਮਾ, ਮੈਡਮ ਊਸ਼ਾ ਸ਼ਰਮਾ ਅਤੇ ਸਮੂਹ ਸਟਾਫ ਨੇ ਖੇਡਾਂ ਵਿਚੋਂ ਪਹਿਲਾਂ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਟੇਟ ਹਾਈਵੇਜ਼-24 ਬਿਨ੍ਹਾਂ ਜੈਬਰਾ ਚਿੰਨਾਂ,ਟ੍ਰੈਫਿਕ ਲਾਇਟਾਂ ਅਤੇ ਰੋਡ ਸੈਫਟੀ ਦੇ ਨਿਯਮਾਂ ਤੋਂ ਵਾਝਾ ਹੋਣ ਕਾਰਨ ਐਕਸੀਡੈਂਟ ਵਿੱਚ ਹੋ ਰਿਹਾ ਵਾਧਾ



ਹੁਸ਼ਿਆਰਪੁਰ, 16 ਜਨਵਰੀ (ਆਵਾਜ਼ਿ ਕੌਮ ਬਿਊਰੋ)- ਸਟੇਟ ਹਾਈਵੇਜ਼ ਐਸ ਐਚ 24 (ਹੁਸ਼ਿਆਰ ਪੁਰ ਤੋਂ ਗੜ੍ਹਸ਼ੰਕਰ) ਦੀ ਦਿਨੋ ਦਿਨ ਖਸਤਾ ਹੋ ਰਹੀ ਹਾਲਤ ਵੱਲ ਪੰਜਾਬ ਸਰਕਾਰ ਦੀ ਹਾਈਵੇਜ਼ ਅਥਾਰਟੀ ਅਤੇ ਰੋਡ ਸੈਫਟੀ ਕੌਂਸਲ ਪੰਜਾਬ ਵਲੋਂ ਆਉਣ ਵਾਲੇ ਸਰਦੀਆਂ ਦੇ ਮੋਸਮ ਨੂੰ ਵੇਖਦਿਆਂ ਨਾ ਧਿਆਨ ਦੇਣ ਤੇ ਭਾਰਤ ਜਗਾਓ ਅੰਦੋਲਨ ਦੇ ਪ੍ਰਧਾਨ ਜੈ ਗੋਪਾਲ ਧੀਮਾਨ,ਮਨਦੀਪ ਕੌਰ, ਜਸਵਿੰਦਰ ਕੁਮਾਰ ਨੇ ਸਖਤ ਸ਼ਬਦਾ ਵਿਚ ਨਿੰਦਾ ਕਰਦਿਆਂ ਕਿਹਾ ਕਿ ਸੜਕਾਂ ਦਾ ਵਿਕਾਸ ਸਿਰਫ ਵਿਭਾਗ ਦੀ ਬੈਵ ਸਾਇਟ ਉਤੇ ਹੀ ਚਲ ਰਿਹਾ ਹੈ ਤੇ ਅਸਲ ਵਿਚ ਹਾਈਵੇਜ਼ ਦੀ ਹਾਲਤ ਅਤਿ ਖਸਤਾ ਹੋ ਚੁੱਕੀ ਹੈ ।ਸੜਕ ਉਤੇ ਗੜ੍ਹਸ਼ੰਕਰ ਤੋਂ ਹੰਦੋਵਾਲ ਅਤੇ ਹੰਦੋਵਾਲ ਤੋਂ ਹੁਸ਼ਿਆਰ ਪੁਰ ਤੱਕ ਸੜਕ ਉਤੇ ਲੁਕ ਦਾ ਕੰਮ ਅਧੂਰਾ ਹੀ ਛੱਡ ਦਿਤਾ ਗਿਆ ਹੈ ਅਤੇ ਪੂਰਾ ਨਾ ਹੋਣ ਕਰਕੇ ਨਾ ਤਾਂ ਸੜਕ ਦੇ ਵਰਮਾਂ ਦੀ ਹਾਲਤ ਸੁਧਾਰੀ,ਨਾ ਹੀ ਸੜਕ ਉਤੇ ਜੈਬਰਾ ਚਿੰਨ ਲਗਾਏ, ਨਾ ਹੀ ਟ੍ਰੈਫਿਕ ਲਾਇਟਾਂ ਲਗਾਈਆਂ ਤੇ ਸੜਕ ਜਦੋਂ ਹਾਲੇ ਪੂਰੀ ਵੀ ਨਹੀਂ ਬਣੀ ਪਰ ਨਾਲ ਰੀਪੇਅਰ ਵੀ ਹੋਣੀ ਸ਼ੁਰੂ ਹੋ ਗਈ ।ਜੈਬਰਾ ਚਿੰਨ ਨਾ ਲਗਣ ਕਾਰਨ ਸੜਕ ਦੇ ਦੋਵੇ ਪਾਸੇ ਅਵਾਜਾਈ ਰੁਕਾਵਟਾਂ ਲਗਣੀਆਂ ਸ਼ੁਰੂ ਵੀ ਹੋ ਗਈਆਂ ਤੇ ਉਨ੍ਹਾਂ ਨੂੰ ਹਟਾਉਣ ਲਈ ਪੰਜਾਬ ਸਰਕਾਰ ਵਲੋਂ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ ।ਜਿਸ ਕਾਰਨ ਸੜਕ ਵਿਚ ਹਰ ਵੇਲੇ ਜਾਮ ਹੀ ਲੱਗਿਆ ਮਿਲਦਾ ਹੈ ਤੇ ਨਿੱਤ ਦਿਨ ਸੜਕੀ ਘਟਨਾਵਾਂ ਵਾਪਰਦੀਆਂ ਹਨ ।ਅਨੇਕਾਂ ਦਰਖਤ ਸੜਕਾਂ ਉਤੇ ਝੁੱਕੇ ਪਏ ਹਨ,ਜਿਸ ਕਾਰਨ ਵਹੀਕਲ ਅਪਣੀ ਨਿਰਧਾਤ ਸਾਇਡ ਉਤੇ ਵੀ ਨਹੀਂ ਚਲ ਸਕਦੇ ।ਧੀਮਾਨ ਨੇ ਸੜਕ ਦੇ ਵਰਮ ਵਾਲੀ ਥਾਂ ਉਤੇ ਕਿਸੇ ਵੀ ਹਾਲਤ ਵਿਚ ਆਵਾਜਾਈ ਰੁਕਾਵਟਾਂ ਕਦੇ ਵੀ ਪੈਦਾ ਨਹੀਂ ਕੀਤੀਆਂ ਜਾ ਸਕਦੀਆਂ ।ਉਨ੍ਹਾਂ ਕਿਹਾ ਕਿ ਵਰਮ ਐਕਸੀਡੈਂਟ ਘਟਾਉਂਦੇ ਹਨ ।ਉਨ੍ਹਾਂ ਕਿਹਾ ਕਿ ਇੰਡੀਅਨ ਰੋਡ ਕਾਂਗਰਸ ਦੇ ਨਿਯਮਾਂ ਅਨੁਸਾਰ ਵਰਮ ਦੀ ਥਾਂ 1 ਮੀਟਰ ਤੋਂ ਲੈ ਕੇ 1 ।5 ਮੀਟਰ ਲੋੜੀਂਦਾ ਹੈ ।ਪਤਾ ਨਹੀਂ ਲੱਗਦਾ ਕਿਸ ਤਰ੍ਹਾਂ ਪੰਜਾਬ ਸਰਕਾਰ ਸੜਕ ਉਤੇ ਸੈਫਟੀ ਨਿਯਮਾਂ ਦਾ ਤਿਆਗ ਕਰਕੇ ਅਜਿਹਾ ਅਸੁਰਖਿਤਾ ਦਾ ਮਾਹੌਲ ਪੈਦਾ ਕਰਨ ਦੀ ਕਿਸ ਤਰ੍ਹਾਂ ਇਜਾਜਤ ਦੇ ਰਹੀ ਹੈ ਤੇ ਇਹ ਵਰਤਾਰਾ ਰੋਡ ਸੈਫਟੀ ਨਿਯਮਾਂ ਦੀ ਘੋਰ ਉਲੰਘਣਾ ਵੀ ਹੈ ।ਸੜਕਾ ਉਤੇ ਚਿੰਨ ਤੇ ਜੈਬਰਾ ਚਿੰਨ ਨਾ ਹੋਣ ਕਰਕੇ ਰਾਤੇ ਦੇ ਸਮੇਂ ਚਲਣਾ ਬਹੁਤ ਔਖਾ ਹੋਇਆ ਪਿਆ ਹੈ ।ਲਗਦਾ ਹੁਣ ਸੜਕਾਂ ਉਤੇ ਚਿੰਨ ਆਨ ਹੀ ਵੇਖਣੇ ਪਿਆ ਕਰਨਗੇ ?

ਸੰਗੀਤ ਵਿਭਾਗ ਦੇ ਮੁਕਾਬਲਿਆਂ ਦੀਆਂ ਵੱਖ-ਵੱਖ ਵੰਨਗੀਆਂ 'ਚ ਮਾਰੀਆਂ ਮੱਲਾਂ

ਜ਼ੋਨਲ ਅਤੇ ਇੰਟਰ-ਜ਼ੋਨਲ ਯੂਥ ਫੈਸਟੀਵਲ 'ਚ ਖਾਲਸਾ ਕਾਲਜ ਮਾਹਿਲਪੁਰ ਦੇ ਵਿਦਿਆਰਥੀਆਂ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ

ਵਿਦਿਆਰਥੀਆਂ ਨੇ ਯੂਥ ਫੈਸਟੀਵਲ ਵਿੱਚ ਕਾਲਜ ਦਾ ਨਾਂ ਰੋਸ਼ਨ ਕੀਤਾ-ਪ੍ਰਿੰ. ਪਰਵਿੰਦਰ ਸਿੰਘ



ਹੁਸ਼ਿਆਰਪੁਰ, 16 ਜਨਵਰੀ (ਆਵਾਜ਼ਿ ਕੌਮ ਬਿਊਰੋ)- ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿਖੇ ਹੋਏ ਜ਼ੋਨਲ ਅਤੇ ਇੰਟਰ-ਜ਼ੋਨਲ ਯੂਥ ਫੈਸਟੀਵਲ ਦੇ ਸੰਗੀਤ ਵਿਭਾਗ ਦੇ ਮੁਕਾਬਲਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਵੰਨਗੀਆਂ ਵਿੱਚ ਮੱਲਾਂ ਮਾਰੀਆਂ ਹਨ। ਗਰੁੱਪ ਭਜਨ ਮੁਕਾਬਲੇ ਵਿੱਚ ਅਰਸ਼ਪ੍ਰੀਤ ਕੌਰ, ਮੁਸਕਾਨਦੀਪ ਕੌਰ, ਪਲਵਿੰਦਰ ਕੌਰ, ਸੋਨੀਆ ਬੰਗਾ, ਮੈਰੀ ਪ੍ਰਿਆ, ਸਤਵੀਰ ਕੌਰ ਅਤੇ ਨਵਦੀਪ ਕੌਰ ਨੇ ਜ਼ੋਨਲ ਅਤੇ ਇੰਟਰ-ਜ਼ੋਨਲ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਲੇਡੀਜ਼ ਟਰੈਡੀਸ਼ਨਲ ਸੋਂਗ ਵਿੱਚ ਇਨ੍ਹਾਂ ਸਾਰੀਆਂ ਵਿਦਿਆਰਥਣਾਂ ਨੇ ਜ਼ੋਨਲ ਵਿੱਚ ਦੂਜਾ ਅਤੇ ਇੰਟਰ-ਜ਼ੋਨਲ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਵਾਰ ਗਾਇਨ ਵਿੱਚ ਮੁਸਕਾਨਦੀਪ ਕੌਰ, ਪਲਵਿੰਦਰ ਕੌਰ ਅਤੇ ਸਤਵੀਰ ਕੌਰ ਨੇ ਜ਼ੋਨਲ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਇੰਟਰ-ਜ਼ੋਨਲ ਵਿੱਚ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਕਲੀ ਗਾਇਨ ਅਤੇ ਕਵੀਸ਼ਰੀ ਗਾਇਨ ਵਿੱਚ ਵੀ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਵਿੱਚ ਮੁਸਕਾਨਦੀਪ ਕੌਰ ਨੇ ਕਵੀਸ਼ਰੀ ਗਾਇਨ ਦੇ ਵਿਅਕਤੀਗਤ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਗਰੁੱਪ ਗਾਨ ਮੁਕਾਬਲੇ ਵਿੱਚ ਸੰਦੀਪ ਕੁਮਾਰ, ਆਕਾਸ਼ਦੀਪ, ਅਰਮਾਨ ਭੁੱਟਾ, ਜੈ ਸ਼ਰਮਾ, ਪੰਕਜ, ਸੁਖਮਨ ਸਿੰਘ ਅਤੇ ਖੁਸ਼ਬੀਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗੀਤ/ਗ਼ਜ਼ਲ ਵਿੱਚ ਪੰਕਜ ਨੇ ਪਹਿਲਾ ਸਥਾਨ, ਇੰਡੀਅਨ ਕਲਾਸੀਕਲ ਵਿੱਚ ਇਸ਼ਮੀਤ ਸਿੰਘ ਨੇ ਤੀਜਾ ਸਥਾਨ, ਪਰਕਸ਼ਨ ਵਿੱਚ ਦਿਲਪ੍ਰੀਤ ਸਿੰਘ ਨੇ ਜ਼ੋਨਲ ਅਤੇ ਇੰਟਰ-ਜ਼ੋਨਲ ਵਿੱਚ ਦੂਜਾ ਸਥਾਨ, ਨਾਨ-ਪਰਕਸ਼ਨ ਵਿੱਚ ਜੈ ਸ਼ਰਮਾ ਨੇ ਤੀਜਾ ਸਥਾਨ, ਫੋਕ ਇੰਸਟਰੂਮੈਂਟ ਵਿੱਚ ਸੁਖਮਨ ਸਿੰਘ ਨੇ ਤੀਜਾ ਸਥਾਨ ਅਤੇ ਫੋਕ ਸੌਂਗ ਵਿੱਚ ਖੁਸ਼ਬੀਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਦੇ ਨਾਲ ਹੀ ਫੋਕ ਆਰਕੈਸਟਰਾ ਅਤੇ ਇੰਡੀਅਨ ਆਰਕੈਸਟਰਾ ਦੋਵਾਂ ਮੁਕਾਬਲਿਆਂ ਵਿੱਚ ਕਿਰਤ ਸਿੰਘ, ਜੈ ਸ਼ਰਮਾ, ਦਿਲਪ੍ਰੀਤ ਸਿੰਘ, ਇਸ਼ਮੀਤ ਸਿੰਘ, ਸਨਮਪ੍ਰੀਤ ਸਿੰਘ, ਅਮਨਪ੍ਰੀਤ ਸਿੰਘ, ਆਦਿਤਿਆ, ਮਨਪ੍ਰੀਤ ਸਿੰਘ, ਕਮਲਜੋਤ ਸਿੰਘ, ਮੰਦੀਪ ਸਿੰਘ, ਸੁਖਪ੍ਰੀਤ ਸਿੰਘ, ਸੁਖਮਨ ਸਿੰਘ ਅਤੇ ਆਕਾਸ਼ਦੀਪ ਸਿੰਘ ਆਦਿ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ੋਨਲ ਅਤੇ ਇੰਟਰ-ਜ਼ੋਨਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਕਾਲਜ ਦੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਜੇਤੂ ਵਿਦਿਆਰਥੀਆਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਯੂਥ ਫੈਸਟੀਵਲ ਵਿੱਚ ਕਾਲਜ ਦਾ ਨਾਂ ਰੋਸ਼ਨ ਕੀਤਾ ਹੈ। ਇਸ ਮੌਕੇ ਪ੍ਰਿੰਸੀਪਲ ਡਾ.ਪਰਵਿੰਦਰ ਸਿੰਘ ਨੇ ਸੰਗੀਤ ਵਿਭਾਗ ਦੇ ਮੁਖੀ ਡਾ. ਕੁਲਦੀਪ ਸਿੰਘ ਅਤੇ ਸਮੁੱਚੇ ਸਟਾਫ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਵਧੀਆ ਅਗਵਾਈ ਲਈ ਵਿਸ਼ੇਸ਼ ਤੌਰ 'ਤੇ ਸ਼ਾਬਾਸ਼ੀ ਦਿੱਤੀ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਸਫਲਤਾਵਾਂ ਜਾਰੀ ਰੱਖਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਗਰਾਉਂ 'ਚ ਮਾਵਾਂ-ਧੀਆਂ ਦੀ ਲਲਕਾਰ ਰੈਲੀ ਨੂੰ ਮਿਲਿਆ ਭਰਵਾਂ ਹੁੰਗਾਰਾ

ਬੀਬੀ ਹਰਸਿਮਰਤ ਕੌਰ ਬਾਦਲ ਨੂੰ ਕੀਤਾ ਵਿਸ਼ੇਸ਼ ਤੌਰ ਤੇ ਸਨਮਾਨਿਤ





ਜਗਰਾਉਂ, (ਵਰਿਆਮ ਹਠੂਰ) — ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ੍ਰੀ ਐੱਸ.ਆਰ.ਕਲੇਰ ਦੀ ਅਗਵਾਈ ਹੇਠ ਜਗਰਾਉਂ ਵਿਖੇ 'ਮਾਵਾਂ-ਧੀਆਂ ਦੀ ਲਲਕਾਰ—ਬੰਦ ਕਰਾਵਾਂਗੇ ਨਸ਼ੇ ਦਾ ਵਪਾਰ' ਰੈਲੀ ਕਰਵਾਈ ਗਈ।ਰੈਲੀ ਵਿੱਚ ਬੀਬਾ ਹਰਸਿਮਰਤ ਕੌਰ ਬਾਦਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਮੈਡਮ ਰਣਵੀਰ ਕੌਰ ਕਲੇਰ ਵੱਲੋਂ ਬੀਬਾ ਹਰਸਿਮਰਤ ਕੌਰ ਬਾਦਲ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਰੈਲੀ ਵਿੱਚ ਹਲਕਾ ਜਗਰਾਉਂ ਦੇ ਪਿੰਡ-ਪਿੰਡ ਤੋਂ ਬੀਬੀਆਂ ਦੇ ਵੱਡੇ-ਵੱਡੇ ਜੱਥੇ ਪਹੁੰਚੇ, ਜਿਸ ਕਾਰਨ ਸਮਾਗਮ ਵਾਲੀ ਥਾਂ 'ਤੇ ਭਾਰੀ ਇਕੱਠ ਦੇਖਣ ਨੂੰ ਮਿਲਿਆ। ਬੀਬੀਆਂ ਵਿੱਚ ਨਸ਼ਿਆਂ ਦੇ ਖ਼ਿਲਾਫ਼ ਭਾਰੀ ਰੋਸ ਅਤੇ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਉਤਸ਼ਾਹ ਦੇਖਣ ਨੂੰ ਮਿਲਿਆ। ਹਾਜ਼ਰੀਨ ਵੱਲੋਂ ਨਸ਼ਿਆਂ ਦੇ ਵਪਾਰ ਨੂੰ ਬੰਦ ਕਰਨ ਲਈ ਠੋਸ ਕਦਮ ਚੁੱਕਣ ਦੀ ਆਵਾਜ਼ ਬੁਲੰਦ ਕੀਤੀ ਗਈ। ਰੈਲੀ ਵਿੱਚ ਹੋਇਆ ਇਕੱਠ ਇੰਨਾ ਵੱਡਾ ਸੀ ਕਿ ਪ੍ਰਬੰਧਕਾਂ ਵੱਲੋਂ ਕੀਤੇ ਗਏ ਬੈਠਣ ਦੇ ਪ੍ਰਬੰਧ ਵੀ ਘੱਟ ਪੈ ਗਏ। ਵੱਡੀ ਗਿਣਤੀ ਵਿੱਚ ਬੀਬੀਆਂ ਦੇ ਪਹੁੰਚਣ ਕਾਰਨ ਕਈਆਂ ਨੂੰ ਬੈਠਣ ਲਈ ਜਗ੍ਹਾ ਨਹੀਂ ਮਿਲੀ ਅਤੇ ਸਮਾਗਮ ਵਾਲਾ ਸਥਾਨ ਪੂਰੀ ਤਰ੍ਹਾਂ ਭਰਿਆ ਨਜ਼ਰ ਆਇਆ। ਰੈਲੀ ਦੌਰਾਨ ਬੀਬਾ ਹਰਸਿਮਰਤ ਕੌਰ ਬਾਦਲ ਦੇ ਸੰਬੋਧਨ ਨੂੰ ਲੈ ਕੇ ਵੀ ਬੀਬੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਜਗਰਾਉਂ ਦੀ ਸਮੁੱਚੀ ਲੀਡਰਸ਼ਿਪ, ਵੱਖ-ਵੱਖ ਵਿੰਗਾਂ ਦੇ ਸਰਕਲ ਪ੍ਰਧਾਨ, ਹਲਕਾ ਪ੍ਰਧਾਨ ਅਤੇ ਵੱਖ-ਵੱਖ ਪਿੰਡਾਂ ਦੇ ਮੋਹਤਬਰ ਆਗੂ ਹਾਜ਼ਰ ਸਨ। ਬੀਬਾ ਹਰਸਿਮਰਤ ਕੌਰ ਬਾਦਲ ਦੀ ਬੀਬੀਆਂ ਭੈਣਾਂ ਅਤੇ ਨੌਜਵਾਨਾਂ ਵਿੱਚ ਜੋਸ਼ ਭਰਨ ਵਾਲੀ ਸਪੀਚ ਸੀ। ਤੇ ਹਾਜਰ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਡਟਕੇ ਖੜਨ ਦਾ ਭਰੋਸਾ ਦਵਾਇਆ, ਇਸ ਮੌਕੇ ਹਲਕਾ ਇੰਚਾਰਜ ਸ੍ਰੀ ਐੱਸ ਆਰ ਕਲੇਰ, ਮੈਡਮ ਰਣਬੀਰ ਕੌਰ ਕਲੇਰ ਅਤੇ ਸੀਨੀਅਰ ਆਗੂ ਪਬੰਧਕਾਂ ਵੱਲੋ ਬੀਬਾ ਹਰਸਿਮਰਤ ਕੋਰ ਬਾਦਲ ਨੂੰ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ, ਇਸ ਮੌਕੇ ਐੱਸ.ਜੀ.ਪੀ.ਸੀ.ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜ਼ਿਲ੍ਹਾ ਪ੍ਰਧਾਨ ਸਰਦਾਰ ਚੰਦ ਸਿੰਘ ਡੱਲਾ , ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ , ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਿਵੰਡੀ, ਸਰਕਲ ਪ੍ਰਧਾਨ ਤਜਿੰਦਰ ਪਾਲ ਸਿੰਘ ਕੰਨੀਆਂ, ਸਰਕਲ ਪ੍ਰਧਾਨ ਚਰਨਜੀਤ ਸਿੰਘ ਚੀਨੂ, ਸੀਨੀਅਰ ਅਕਾਲੀ ਆਗੂਦੀਪਇੰਦਰ ਸਿੰਘ ਭੰਡਾਰੀ, ਹਲਕਾ ਪ੍ਰਧਾਨ ਵਪਾਰੀ ਵਿੰਗ ਹਰਦੇਵ ਸਿੰਘ ਬੱਬੀ, ਐੱਸ.ਸੀ. ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਬੀ.ਸੀ. ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ, ਆਈ.ਟੀ. ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਸੋਖੋਂ, ਆੜਤੀਆ ਅਵਤਾਰ ਸਿੰਘ ਕਲੇਰ ਹਠੂਰ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਸੁੱਖ ਸੰਧੂ ਮਾਣੂੰਕੇ, ਸਮੇਤ ਵੱਡੀ ਗਿਣਤੀ ਵਿੱਚ ਬੀਬੀਆਂ ਭੈਣਾਂ ਦੇ ਜੱਥੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

... ਤਾਂ ਸਿਹਤ ਮੰਤਰੀ ਦੀ ਰਿਹਾਇਸ਼ ਅੱਗੇ ਪੱਕਾ ਧਰਨਾ ਲਗਾਇਆ ਜਾਵੇਗਾ : ਮਨਦੀਪ ਸਿੰਘ



ਤਰਨ ਤਾਰਨ, ਚੋਹਲਾ ਸਾਹਿਬ, 16 ਨਵੰਬਰ (ਆਵਾਜ਼ਿ ਕੌਮ ਬਿਊਰੋ)- ਐਨ ਐਚ ਐਮ ਕਰਮਚਾਰੀ ਲੰਮੇ ਸਮੇਂ ਤੋਂ ਘੱਟ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਮਜਬੂਰ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਐਨ ਐਚ ਐਮ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਮਨਦੀਪ ਸਿੰਘ ਨੇ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਉਹਨਾਂ ਦੱਸਿਆ ਕਿ ਐਨ ਐਚ ਐਮ ਯੂਨੀਅਨ ਦੇ ਕਰਮਚਾਰੀ ਲੰਮੇ ਸਮੇਂ ਤੋਂ ਬਹੁਤ ਹੀ ਘੱਟ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ ਅਤੇ ਖਾਸ ਕਰਕੇ ਕਰੋਨਾ ਸਮੇਂ ਆਪਣੀਆਂ ਜਾਨਾਂ ਦੀ ਪਰਵਾਹ ਕੀਤੇ ਬਿਨਾਂ ਘਰ ਘਰ ਜਾਕੇ ਲੋਕਾਂ ਨੂੰ ਦਵਾਈਆਂ ਦਿੱਤੀਆਂ ਅਤੇ ਟੀਕਾਕਰਨ ਕੀਤਾ ਅਤੇ ਲੋਕਾਂ ਦੀ ਜਾਨ ਬਚਾਈ। ਉਹਨਾਂ ਦੱਸਿਆ ਕਿ ਬੀਤੇ ਦਿਨੀਂ ਉਹਨਾਂ ਨੂੰ ਐਨ ਐਚ ਐਮ ਮੁੱਖ ਦਫਤਰ ਚੰਡੀਗੜ੍ਹ ਰੋਸ ਧਰਨਾ ਦਿੱਤਾ ਗਿਆ ਸੀ ਜਿਸਤੇ ਉਹਨਾਂ ਨੂੰ ਪ੍ਰਸ਼ਾਸਨ ਅਧਿਕਾਰੀਆਂ ਵੱਲੋਂ 17 ਨਵੰਬਰ ਦੀ ਮੀਟਿੰਗ ਦਿੱਤੀ ਅਤੇ ਭਰੋਸਾ ਦਿੱਤਾ ਇਸ ਮੀਟਿੰਗ ਵਿੱਚ ਉਹਨਾਂ ਦਾ ਹੱਲ ਕੀਤਾ ਜਾਵੇਗਾ ਉਹਨਾਂ ਕਿਹਾ ਕਿ ਜੇਕਰ 17 ਨਵੰਬਰ ਵਾਲੀ ਮੀਟਿੰਗ ਵਿੱਚ ਉਹਨਾਂ ਦਾ ਮਸਲਾ ਹੱਲ ਨਾ ਕੀਤਾ ਤਾਂ ਉਹ ਸਿਹਤ ਮੰਤਰੀ ਦੀ ਰਿਹਾਇਸ਼ ਪਟਿਆਲਾ ਵਿਖੇ ਪੱਕਾ ਧਰਨਾ ਦੇਣਗੇ ਅਤੇ ਜੇਕਰ ਫਿਰ ਵੀ ਹੱਲ ਨਾ ਕੀਤਾ ਤਾਂ ਭੁੱਖ ਹੜ੍ਹਤਾਲ ਤੇ ਬੈਠਣਗੇ।ਇਸ ਸਮੇਂ ਤਰਸੇਮ ਸਿੰਘ, ਸੰਦੀਪ ਸਿੰਘ ਬੀਐਸਏ, ਸੰਦੀਪ ਸਿੰਘ ਆਈਏ, ਰਮਨਦੀਪ ਕੌਰ ਸੀ.ਐਚ.ਓ.ਕੈਰੋਂ, ਜੁਗਰਾਜ ਸਿੰਘ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐਚ.ਓ ਖੇਮਕਰਨ, ਵਿਸ਼ਾਲ ਕੁਮਾਰ, ਕੁਲਵੰਤ ਕੌਰ, ਸੁਪ੍ਰੀਤ ਕੌਰ, ਨਵਜੋਤ ਕੌਰ ਸਰਹਾਲੀ, ਰਵਿੰਦਰ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐਚ.ਓ ਝਬਾਲ, ਮਨਜਿੰਦਰ ਸਿੰਘ,ਪ੍ਰਵੀਨ ਕੌਰ, ਪ੍ਰਭਜੀਤ ਕੌਰ ਸੁਰਸਿੰਘ, ਜਗਦੀਪ ਕੌਰ, ਗੁਰਪ੍ਰੀਤ ਕੌਰ, ਡਾ ਅਮਨ, ਯੋਗੇਸ਼ ਗਿੱਲ, ਡਾ ਸ਼ਰਨ ਕਸੇਲ, ਡਾ ਚੰਦਨ ਸ਼ਰਮਾ ਘਰਿਆਲਾ, ਡਾ ਗੁਰਸ਼ਰਨ ਸਿੰਘ, ਤਰੁਣ, ਸੰਦੀਪ ਸਿੰਘ ਸੀ.ਓ., ਕੰਵਲਜੀਤ ਕੌਰ ਡੀ.ਐਸ.ਏ., ਸਿਮਰਜੀਤ ਸਿੰਘ, ਆਰੂਸ਼ ਭੱਲਾ, ਕੋਮਲਜੀਤ ਕੌਰ, ਸੁਮਨ ਸਿੱਧੂ, ਰਜਿੰਦਰ ਸਿੰਘ, ਪ੍ਰਗਟ ਸਿੰਘ, ਕਮਲਜੀਤ ਕੌਰ, ਮਨਿੰਦਰ ਕੌਰ ਆਦਿ ਐਨ.ਐਚ.ਐਮ ਕਰਮਚਾਰੀ ਹਾਜਰ ਸਨ।

ਇੱਕ ਨਜ਼ਰ ...



ਖਾਲੜਾ ਦੇ ਸਰਹੱਦੀ ਖੇਤਰ ਵਿੱਚੋਂ ਇੱਕ ਪਿਸਤੌਲ ਅਤੇ ਮੈਗਜ਼ੀਨ ਬਰਾਮਦ

ਖਾਲੜਾ (ਭਿੱਖੀਵਿੰਡ), 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ ਨਾਲ ਲੱਗਦੇ ਖਾਲੜਾ ਸੈਕਟਰ ਅਧੀਨ ਆਉਂਦੇ ਪਿੰਡ ਡੱਲ ਦੇ ਖੇਤਾਂ ਵਿੱਚੋਂ ਬੀਐੱਸਐੱਫ ਅਤੇ ਪੁਲਿਸ ਦੀ ਸਾਂਝੀ ਕਾਰਵਾਈ ਦੌਰਾਨ ਇੱਕ 30 ਬੋਰ ਦਾ ਜਿਗਾਨਾ ਪਿਸਤੌਲ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਕੀਤੀ ਗਈ ਹੈ। ਪੁਲਿਸ ਨੇ ਇਸ ਸਬੰਧੀ ਅਣਪਛਾਤੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਖਾਲੜਾ ਦੇ ਐੱਸਆਈ ਸ਼ਿੰਗਾਰਾ ਸਿੰਘ ਨੇ ਦੱਸਿਆ ਕਿ ਬੀਐੱਸਐੱਫ ਦੀ 115ਵੀਂ ਬਟਾਲੀਅਨ ਦੀ ਨਰਲੀ ਬੀਓਪੀ ਦੇ ਕਮਾਂਡਰ ਐੱਲ.ਐੱਸ. ਸ਼ਰਮਾ ਵੱਲੋਂ ਸੂਚਨਾ ਦਿੱਤੀ ਗਈ ਸੀ ਕਿ ਪਿੰਡ ਡੱਲ ਦੇ ਖੇਤਾਂ ਵਿੱਚ ਡਰੋਨ ਰਾਹੀਂ ਸੁੱਟਿਆ ਗਿਆ ਪੀਲੇ ਰੰਗ ਦਾ ਇੱਕ ਪੈਕੇਟ ਬਰਾਮਦ ਹੋਇਆ ਹੈ। ਸੂਚਨਾ ਮਿਲਣ ਤੋਂ ਬਾਅਦ ਪੁਲਿਸ ਪਾਰਟੀ ਮੌਕੇ 'ਤੇ ਪਹੁੰਚੀ ਅਤੇ ਪੈਕੇਟ ਦੀ ਜਾਂਚ ਕੀਤੀ। ਜਾਂਚ ਦੌਰਾਨ ਪੈਕੇਟ ਵਿੱਚੋਂ ਤੁਰਕੀ ਦਾ ਬਣਿਆ 30 ਬੋਰ ਦਾ ਇੱਕ ਜਿਗਾਨਾ ਪਿਸਤੌਲ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਹੋਈ। ਇਸ ਤੋਂ ਬਾਅਦ ਬੀਐੱਸਐੱਫ ਅਧਿਕਾਰੀਆਂ ਨੇ ਬਰਾਮਦ ਹਥਿਆਰ ਅਤੇ ਹੋਰ ਸਮੱਗਰੀ ਅਗਲੀ ਕਾਨੂੰਨੀ ਕਾਰਵਾਈ ਲਈ ਥਾਣਾ ਖਾਲੜਾ ਦੀ ਪੁਲਿਸ ਦੇ ਹਵਾਲੇ ਕਰ ਦਿੱਤੀ। ਐੱਸਆਈ ਸ਼ਿੰਗਾਰਾ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਇਸ ਮਾਮਲੇ ਵਿੱਚ ਮੁਕੱਦਮਾ ਨੰਬਰ 355 ਤਹਿਤ ਆਰਮਜ਼ ਐਕਟ ਦੀਆਂ ਧਾਰਾਵਾਂ 25, 54, 59 ਅਤੇ 25, 26 ਤੇ 29 ਬੀਵੀਏ ਤਹਿਤ ਕੇਸ ਦਰਜ ਕੀਤਾ ਗਿਆ ਹੈ।

ਮਾਧਵਰਾਓ ਮੂਲੇ ਸੇਵਾ ਟਰੱਸਟ ਵੱਲੋਂ ਜਨਮ ਦਿਵਸ ਨੂੰ ਸਮਰਪਿਤ ਦੇਸ਼ ਭਗਤੀ ਅਤੇ ਪੰਜਾਬੀ ਸੱਭਿਆਚਾਰ ਨਾਲ ਓਤ-ਪੋਤ ਪ੍ਰੋਗਰਾਮ ਕਰਵਾਇਆ





ਖਾਲੜਾ (ਭਿੱਖੀਵਿੰਡ), 16 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮਾਧਵਰਾਓ ਮੂਲੇ ਸੇਵਾ ਟਰੱਸਟ ਵੱਲੋਂ ਸ੍ਰੀ ਮਾਧਵਰਾਓ ਜੀ ਦੇ ਜਨਮ ਦਿਵਸ ਦੇ ਸਬੰਧ ਵਿੱਚ 14 ਨਵੰਬਰ, ਸ਼ਨੀਵਾਰ ਨੂੰ ਝਬਾਲ ਵਿਖੇ ਵਿਸ਼ੇਸ਼ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਅੰਮ੍ਰਿਤਸਰ ਅਤੇ ਤਰਨ ਤਾਰਨ ਜ਼ਿਲ੍ਹਿਆਂ ਦੇ ਵੱਖ-ਵੱਖ ਪਿੰਡਾਂ ਵਿੱਚ ਚਲਾਏ ਜਾ ਰਹੇ ਸੰਸਕਾਰ ਕੇਂਦਰਾਂ ਦੀਆਂ ਸਾਰੀਆਂ ਦੀਦੀਆਂ ਅਤੇ ਬੱਚਿਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਅਤੇ ਦੀਪ ਜਗਾ ਕੇ ਕੀਤੀ ਗਈ। ਇਸ ਉਪਰੰਤ ਸੰਸਕਾਰ ਕੇਂਦਰਾਂ ਦੇ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤਾਂ, ਧਾਰਮਿਕ ਗੀਤਾਂ ਅਤੇ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਵੱਖ-ਵੱਖ ਪੇਸ਼ਕਾਰੀਆਂ ਰਾਹੀਂ ਹਾਜ਼ਰ ਲੋਕਾਂ ਦਾ ਮਨ ਮੋਹ ਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਝਬਾਲ ਦੇ ਸਾਬਕਾ ਸਰਪੰਚ ਨਰਿੰਦਰ ਕੁਮਾਰ ਅਤੇ ਬੀ.ਸੀ.ਸੈੱਲ ਦੇ ਵਾਈਸ ਪ੍ਰੈਜ਼ੀਡੈਂਟ ਇੰਦਰਜੀਤ ਕੁਮਾਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਮੁੱਖ ਬੁਲਾਰੇ ਵਜੋਂ ਮਾਧਵਰਾਓ ਮੂਲੇ ਸੇਵਾ ਟਰੱਸਟ ਦੇ ਪ੍ਰਧਾਨ ਜਗਦੀਸ਼ ਕੁਮਾਰ ਮਹਾਜਨ ਸ਼ਾਮਲ ਹੋਏ। ਇਸ ਤੋਂ ਇਲਾਵਾ ਅੰਮ੍ਰਿਤਸਰ ਵਿਭਾਗ ਦੇ ਵਿਭਾਗ ਪ੍ਰਚਾਰਕ ਵਿਜੇ ਸਿੰਘ, ਭਾਰਤ ਵਿਕਾਸ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਸ਼ਾਂਤੀ ਪ੍ਰਸਾਦ, ਸੰਦੀਪ ਚੋਪੜਾ, ਕੇਵਲ ਕ੍ਰਿਸ਼ਨ ਅਰੋੜਾ, ਰਾਜ ਕੁਮਾਰ, ਐਡਵੋਕੇਟ ਰਵੀ ਸ਼ਰਮਾ, ਸੁਭਾਸ਼ ਚੰਦਰ, ਬਲਜਿੰਦਰ ਸਿੰਘ ਅਤੇ ਦਫ਼ਤਰ ਸਕੱਤਰ ਸਰਮੇਲ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਪ੍ਰੋਗਰਾਮ ਵਿੱਚ ਮੁੱਖ ਬੁਲਾਰੇ ਵਜੋਂ ਮਾਧਵਰਾਓ ਮੂਲੇ ਸੇਵਾ ਟਰੱਸਟ ਦੇ ਪ੍ਰਧਾਨ ਜਗਦੀਸ਼ ਕੁਮਾਰ ਮਹਾਜਨ ਸ਼ਾਮਲ ਹੋਏ। ਇਸ ਤੋਂ ਇਲਾਵਾ ਅੰਮ੍ਰਿਤਸਰ ਵਿਭਾਗ ਦੇ ਵਿਭਾਗ ਪ੍ਰਚਾਰਕ ਵਿਜੇ ਸਿੰਘ, ਭਾਰਤ ਵਿਕਾਸ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਸ਼ਾਂਤੀ ਪ੍ਰਸਾਦ, ਸੰਦੀਪ ਚੋਪੜਾ, ਕੇਵਲ ਕ੍ਰਿਸ਼ਨ ਅਰੋੜਾ, ਰਾਜ ਕੁਮਾਰ, ਐਡਵੋਕੇਟ ਰਵੀ ਸ਼ਰਮਾ, ਸੁਭਾਸ਼ ਚੰਦਰ, ਬਲਜਿੰਦਰ ਸਿੰਘ ਅਤੇ ਦਫ਼ਤਰ ਸਕੱਤਰ ਸਰਮੇਲ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਦੌਰਾਨ ਬੁਲਾਰਿਆਂ ਨੇ ਮਾਧਵਰਾਓ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਵਿਚਾਰਾਂ ਨੂੰ ਯਾਦ ਕਰਦਿਆਂ ਬੱਚਿਆਂ ਵਿੱਚ ਚੰਗੇ ਸੰਸਕਾਰ, ਦੇਸ਼ ਭਗਤੀ, ਸਮਾਜਿਕ ਜ਼ਿੰਮੇਵਾਰੀ ਅਤੇ ਭਾਰਤੀ ਸੱਭਿਆਚਾਰ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਸਮੂਹ ਮਹਿਮਾਨਾਂ, ਸੰਸਕਾਰ ਕੇਂਦਰਾਂ ਦੀਆਂ ਦੀਦੀਆਂ, ਬੱਚਿਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ। ਬੱਚਿਆਂ ਦੀ ਉਤਸ਼ਾਹਪੂਰਨ ਸ਼ਮੂਲੀਅਤ ਅਤੇ ਸ਼ਾਨਦਾਰ ਪੇਸ਼ਕਾਰੀਆਂ ਨਾਲ ਇਹ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ ਹੋਇਆ।